ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ 99155-94111

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ੁੱਕਰਵਾਰ, 17 ਜੂਨ 2022 ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

ਇਸ਼ਤਿਹਾਰ ਲਵਾਓ ਵਪਾਰ ਵਧਾਓ ਰੋਜਾਨਾ ਲੋਕ ਬਾਣੀ ਅਖਬਾਰ ਵਿਚ ਸੰਪਰਕ ਕਰੋ 0181-2211009 Newslokbani@gmail.com

R.N.I. Punpun/29016/2008 ✲ ਸਾਲ : 14 ✲ ਅੰਕ : 454 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111

## ਪਾਕਿਸਤਾਨ ’ਚ ਪੈਟਰੋਲ ਕੀਮਤਾਂ ਨੂੰ ਲੱਗੀ ਅੱਗ



**ਇਸਲਾਮਾਬਾਦ/ਲੋਕ ਬਾਣੀ**

ਪਾਕਿਸਤਾਨ @ਚ ਇਕ ਲੀਟਰ ਪੈਟਰੋਲ ਦੀ ਕੀਮਤ 233.89 ਰੁਪਏ @ਤੇ ਪਹੁੰਚ ਗਈ ਹੈ ਆਰਥਿਕ ਸੰਕਟ ਨਾਲ ਜੂਝ ਰਹੇ ਪਾਕਿਸਤਾਨ @ਚ ਇਕ ਦਿਨ @ਚ ਪੈਟਰੋਲ 24 ਰੁਪਏ ਪ੍ਰਤੀ ਲੀਟਰ ਮਹਿੰਗਾ ਹੋ ਗਿਆ ਹੈ ਇਸ ਦੇ ਨਾਲ ਹੀ ਡੀਜ਼ਲ ਦੀ ਕੀਮਤ 16.31 ਰੁਪਏ ਵਧਣ ਤੋਂ ਬਾਅਦ ਇਹ 263.31 ਰੁਪਏ ਪ੍ਰਤੀ ਲੀਟਰ ਹੋ ਜਾਵੇਗੀ ਪਾਕਿਸਤਾਨ ਸਰਕਾਰ ਨੇ ਬੁੱਧਵਾਰ ਨੂੰ ਇਹ ਐਲਾਨ ਕੀਤਾ ਪਾਕਿਸਤਾਨ ਵਿੱਚ ਪਿਛਲੇ 20 ਦਿਨਾਂ ਵਿੱਚ ਇਹ ਤੀਜਾ ਅਜਿਹਾ ਵਾਧਾ ਹੈ ਇਸਲਾਮਾਬਾਦ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਕਿਸਤਾਨ ਦੇ ਵਿੱਤ ਮੰਤਰੀ ਨੇ ਕਿਹਾ ਕਿ ਨਵੀਆਂ ਕੀਮਤਾਂ 15 ਜੂਨ ਦੀ ਅੱਧੀ ਰਾਤ ਤੋਂ ਲਾਗੂ ਹੋ ਗਈਆਂ ਹਨ। ਇਸ ਦੌਰਾਨ ਮਿੱਟੀ ਦੇ ਤੇਲ ਦੀ ਨਵੀਂ ਕੀਮਤ 29.49 ਰੁਪਏ ਵਧ ਕੇ 211.43 ਰੁਪਏ ਹੋ ਜਾਵੇਗੀ ਲਾਈਟ ਡੀਜ਼ਲ 29.16 ਰੁਪਏ ਦੇ ਵਾਧੇ ਤੋਂ ਬਾਅਦ 207.47 ਰੁਪਏ ਮਹਿੰਗਾ ਹੋ ਜਾਵੇਗਾ ਵਿੱਤ ਮੰਤਰੀ ਇਸਮਾਈਲ ਨੇ ਕਿਹਾ ਕਿ ਸਰਕਾਰ ਕੋਲ ਅੰਤਰਰਾਸ਼ਟਰੀ ਕੀਮਤਾਂ ਦੇ ਪ੍ਰਭਾਵ ਨੂੰ ਪਾਕਿਸਤਾਨ ਦੇ ਖਪਤਕਾਰਾਂ ਤੱਕ ਪਹੁੰਚਾਉਣ ਤੋਂ ਇਲਾਵਾ ਕੋਈ ਵਿਕਲਪ ਨਹੀਂ ਹੈ।।





## ਜਲੰਧਰ ਪੁਲਿਸ ਨੇ ਫੜੇ ਪੰਜ ਵਿਅਕਤੀ ਹਥਿਆਰਾਂ, ਨਸ਼ੇ ਤੇ ਨਾਲ ਲੱਖਾਂ ਰੁਪਏ

**ਜਲੰਧਰ/ਰਾਕੇਸ਼ ਵਰਮਾ:-** ਪੰਜਾਬ ਪੁਲਿਸ ਨੇ ਅੱਜ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਰੈਕੇਟ ਦਾ ਪਰਦਾਫਾਸ਼ ਕਰਦਿਆਂ ਟੀ-ਪੁਆਇੰਟ ਲਾਡੋਵਾਲੀ ਰੋਡ ਜਲੰਧਰ ਵਿਖੇ ਵਿਸ਼ੇਸ਼ ਪੁਲਿਸ ਚੈਕਿੰਗ ਦੌਰਾਨ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਇਸ ਰੈਕੇਟ ਦਾ ਪਰਦਾਫਾਸ਼ ਜਲੰਧਰ ਕਮਿਸ਼ਨਰੇਟ ਪੁਲਿਸ ਦੇ ਐਂਟੀ ਨਾਰਕੋਟਿਕ ਸੈੱਲ ਵੱਲੋਂ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੰਨੀ, ਸਮਾਇਲ ਉਰਫ ਸ਼ੇਰੂ, ਦਿਵਾਂਸ਼ ਉਰਫ ਵੰਸ਼, ਹੈਪੀ ਅਤੇ ਲਵ ਕੁਮਾਰ, ਸਾਰੇ ਵਾਸੀ ਜਲੰਧਰ ਵਜੋਂ ਹੋਈ ਹੈ ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ‘ਚੋਂ ਚਾਰ .32 ਬੋਰ ਦੇ ਪਿਸਤੌਲ ਸਮੇਤ 6 ਮੈਗਜ਼ੀਨ ਅਤੇ 32 ਜ਼ਿੰਦਾ ਕਾਰਤੂਸ, 6.5 ਲੱਖ ਰੁਪਏ ਦੀ ਡਰੱਗ ਮਨੀ, 103 ਗ੍ਰਾਮ ਹੈਰੋਇਨ, ਤਿੰਨ ਕਾਰਾਂ- ਮਾਰੂਤੀ ਸਵਿਫਟ, ਹੁੰਡਈ ਸੈਂਟਰੋ ਅਤੇ ਹੌਂਡਾ ਅਮੇਜ਼ ਅਤੇ 550 ਗ੍ਰਾਮ ਨਸ਼ੀਲਾ ਪਾਊਡਰ ਵੀ ਬਰਾਮਦ ਕੀਤਾ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚੌਕਸੀ ਤੇਜ਼ ਕਰ ਦਿੱਤੀ ਹੈ ਅਤੇ ਨਸ਼ਿਆਂ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾਈ ਹੈ।

## ਅਗਨੀਪਥ ਦੀ ਸਖਤ ਅਲੋਚਨਾ ਕੀਤੀ ਗਈ ਰਾਹੁਲ ਗਾਂਧੀ, ਵਰੁਨ,ਅਖਿਲੇਸ਼ ਤੇ ਮਾਇਆਵਤੀ ਵਲੋਂ



**ਦਿੱਲੀ/ਕਪੂਰ**

ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਥਲ, ਜਲ ਤੇ ਹਵਾਈ ਸੈਨਾ ਵਿਚ ਭਰਤੀ ਲਈ ਕੇਂਦਰ ਦੀ ਨਵੀਂ ਅਗਨੀਪਥ ਯੋਜਨਾ @ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ @ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਬੇਰੁਜ਼ਗਾਰ ਨੌਜਵਾਨਾਂ ਦੀ ਆਵਾਜ਼ ਸੁਣਨੀ ਚਾਹੀਦੀ ਹੈ ਅਤੇ ਉਨ੍ਹਾਂ ਦੇ ਸਬਰ ਦੀ ਅਗਨੀ ਪ੍ਰੀਖਿਆ ਨਹੀਂ ਲੈਣੀ ਚਾਹੀਦੀ ਉਨ੍ਹਾਂ ਟਵੀਟ ਕੀਤਾ, ‘ਕੋਈ ਰੈਂਕ ਨਹੀਂ, ਕੋਈ ਪੈਨਸ਼ਨ ਨਹੀਂ, 2 ਸਾਲਾਂ ਤੋਂ ਕੋਈ ਸਿੱਧੀ ਭਰਤੀ ਨਹੀਂ, 4 ਸਾਲਾਂ ਬਾਅਦ ਕੋਈ ਸਥਿਰ ਭਵਿੱਖ ਨਹੀਂ, ਫੌਜ ਲਈ ਕੋਈ ਸਰਕਾਰ ਦਾ ਸਨਮਾਨ ਨਹੀਂ ਦੇਸ਼ ਦੇ ਬੇਰੋਜ਼ਗਾਰ ਨੌਜਵਾਨਾਂ ਦੀ ਆਵਾਜ਼ ਸੁਣੋ, ਉਨ੍ਹਾਂ ਦੇ ਸਬਰ ਦੀ ਅਗਨੀ ਪ੍ਰੀਖਿਆ ਨਾ ਲਵੋ ਪ੍ਰਧਾਨ ਮੰਤਰੀ ਜੀ

**ਨਵੀਂ ਦਿੱਲੀ:** ਅਗਨੀਪਥ ਯੋਜਨਾ ਦੇ ਵੱਖ-ਵੱਖ ਪ੍ਰਬੰਧਾਂ @ਤੇ ਸਵਾਲ ਉਠਾਉਂਦੇ ਹੋਏ ਭਾਜਪਾ ਦੇ ਸੰਸਦ ਮੈਂਬਰ ਵਰੁਣ ਗਾਂਧੀ ਨੇ ਕਿਹਾ ਕਿ ਇਸ ਨਾਲ ਨੌਜਵਾਨਾਂ ਵਿੱਚ ਹੋਰ ਬੇਚੈਨੀ ਵਧੇਗੀ ਰੱਖਿਆ ਮੰਤਰੀ ਰਾਜਨਾਥ ਸਿੰਘ ਨੂੰ ਲਿਖੇ ਪੱਤਰ ਵਿੱਚ ਗਾਂਧੀ ਨੇ ਮੰਗ ਕੀਤੀ ਕਿ ਸਰਕਾਰ ਇਸ ਯੋਜਨਾ ਨਾਲ ਸਬੰਧਤ ਨੀਤੀਗਤ ਤੱਥਾਂ ਨੂੰ ਸਾਹਮਣੇ ਲਿਆਵੇ ਅਤੇ ਆਪਣਾ ਸਟੈਂਡ ਸਪੱਸ਼ਟ ਕਰੇ

**ਲਖਨਊ: ਸਮਾਜਵਾਦੀ** ਪਾਰਟੀ (ਸਪਾ) ਦੇ ਪ੍ਰਧਾਨ ਅਖਿਲੇਸ਼ ਯਾਦਵ ਨੇ ਕਿਹਾ ਕਿ ਇਹ ਦੇਸ਼ ਦੇ ਭਵਿੱਖ ਅਤੇ ਦੇਸ਼ ਦੇ ਨੌਜਵਾਨਾਂ ਲਈ ਘਾਤਕ ਸਾਬਤ ਹੋਵੇਗਾ ਯਾਦਵ ਨੇ ਟਵੀਟ ਕੀਤਾ, ‘ਦੇਸ਼ ਦੀ ਸੁਰੱਖਿਆ ਥੋੜ੍ਹੇ ਸਮੇਂ ਲਈ ਜਾਂ ਗੈਰ ਰਸਮੀ ਮੁੱਦਾ ਨਹੀਂ ਹੈ, ਇਸ ਲਈ ਬਹੁਤ ਗੰਭੀਰ ਅਤੇ ਲੰਬੇ ਸਮੇਂ ਦੀ ਨੀਤੀ ਦੀ ਲੋੜ ਹੈ ਫੌਜੀ ਭਰਤੀ ਸਬੰਧੀ ਜੋ ਲਾਪ੍ਰਵਾਹੀ ਵਾਲਾ ਰਵੱਈਆ ਅਪਣਾਇਆ ਜਾ ਰਿਹਾ ਹੈ, ਉਹ ਦੇਸ਼ ਅਤੇ ਦੇਸ਼ ਦੇ ਨੌਜਵਾਨਾਂ ਦੇ ਭਵਿੱਖ ਦੀ ਰਾਖੀ ਲਈ ਘਾਤਕ ਸਿੱਧ ਹੋਵੇਗਾ @ਅਗਨੀਪਥ@ ਨਾਲ ਰਾਹ ’ਤੇ ਅੱਗ ਨਾ ਹੋਵੇ ’ ਇਸ ਦੌਰਾਨ ਬਸਪਾ ਸੁਪਰੀਮੋ ਮਾਇਅਵਤੀ ਨੇ ਕਿਹਾ ਕਿ ਕੇਂਦਰ ਦੇ ਨਵੇਂ ਫੈਸਲੇ ਕਾਰਨ ਨੌਜਵਾਨਾਂ ’ਚ ਬੇਚੈਨੀ ਹੈ ਤੇ ਸਰਕਾਰ ਇਸ ’ਤੇ ਗੌਰ ਕਰੇ ।

## ਕਾਂਗਰਸ ਨੇ ਈ.ਡੀ ਦੀ ਕਾਰਵਾਈ ਦੇ ਰੋਸ ਵਿੱਚ ਚੰਡੀਗੜ੍ਹ ’ਚ ਪ੍ਰਦਰਸ਼ਨ ਕੀਤਾ

**ਚੰਡੀਗੜ੍ਹ/ਵਿਨੋਦ ਸ਼ਰਮਾ**


ਕਾਂਗਰਸੀ ਆਗੂ ਰਾਹੁਲ ਗਾਂਧੀ ਖ਼ਿਲਾਫ਼ ਈਡੀ ਦੀ ਕਾਰਵਾਈ ਦੇ ਵਿਰੋਧ @ਚ ਜਿੱਥੇ ਦੇਸ਼ ਭਰ ਚ ਕਾਂਗਰਸ ਵੱਲੋਂ ਪ੍ਰਦਰਸ਼ਨ ਕੀਤੇ ਜਾ ਰਹੇ ਹਨ, ਉੱਥੇ ਹੋਰਨਾਂ ਸੂਬਿਆਂ ਦੇ ਨਾਲ ਅੱਜ ਪੰਜਾਬ ਕਾਂਗਰਸ ਅਤੇ ਚੰਡੀਗੜ੍ਹ ਕਾਂਗਰਸ ਵਲੋਂ ਵੀ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਰਾਜ ਭਵਨ ਵੱਲ ਮਾਰਚ ਕੱਢਿਆ ਜਾਵੇਗਾ ਪੰਜਾਬ ਕਾਂਗਰਸ ਭਵਨ ਵਿਖੇ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ @ਚ ਕਾਂਗਰਸ ਵਰਕਰ ਅਤੇ ਆਗੂ ਇਕੱਠੇ ਹੋਣੇ ਸ਼ੁਰੂ ਹੋ ਗਏ ਹਨ।

## ਡੀ.ਜੀ.ਪੀ ਮਹਾਰਾਸ਼ਟਰ ਨੂੰ ਰਾਸ਼ਟਰੀ ਮਹਿਲਾ ਕਮਿਸ਼ਨ ਵਲੋਂ ਨੋਟਿਸ ਭੇਜਿਆ

**ਮੁੰਬਈ/ਲੋਕ ਬਾਣੀ**

ਮਰਾਠੀ ਅਦਾਕਾਰਾ ਨੂੰ ਕਥਿਤ ਤੌਰ @ਤੇ ਐਨ.ਸੀ.ਪੀ. ਪ੍ਰਮੁੱਖ ਸ਼ਰਦ ਪਵਾਰ ਵਿਰੁੱਧ ਫ਼ੇਸਬੁੱਕ ਪੋਸਟ ਸ਼ੇਅਰ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕਰਨ ਦੇ ਮਾਮਲੇ ਵਿਚ ਰਾਸ਼ਟਰੀ ਮਹਿਲਾ ਕਮਿਸ਼ਨ ਨੇ ਮਹਾਰਾਸ਼ਟਰ ਦੇ ਡੀ.ਜੀ.ਪੀ. ਨੂੰ ਨੋਟਸ ਭੇਜ ਕੇ ਮਾਣਹਾਨੀ ਦੀਆਂ ਧਾਰਾਵਾਂ ਨੂੰ ਲਾਗੂ ਕਰਨ ਅਤੇ ਵਿਅਕਤੀਗਤ ਤੌਰ @ਤੇ ਪੇਸ਼ ਹੋਣ ਲਈ 7 ਦਿਨਾਂ ਅੰਦਰ ਸਪਸ਼ਟੀਕਰਨ ਮੰਗਿਆ ਹੈ।

## ਕੌਮਾਂਤਰੀ ਸਰਹੱਦ ਤੇ ਝੰਡਾ ਉਤਾਰਨ ਦੀ ਰਸਮ ਦਾ ਸਮਾਂ ਬਦਲੀਆਂ



**ਅੰਮ੍ਰਿਤਸਰ/ਵਿਰਦੀ**

ਭਾਰਤ-ਪਾਕਿਸਤਾਨ ਦੀ ਸਾਂਝੀ ਜਾਂਚ ਚੌਕੀ ਅਟਾਰੀ-ਵਾਹਗਾ ਸਰਹੱਦ ’ਤੇ ਦੋਵਾਂ ਮੁਲਕਾਂ ਦੀਆਂ ਬੀਐੱਸਐੱਫ ਤੇ ਪਾਕਿਸਤਾਨ ਰੇਂਜਰਜ਼ ਵਿਚਕਾਰ ਰੋਜ਼ ਸ਼ਾਮ ਦੇ ਸਮੇਂ ਹੋਣ ਵਾਲੀ ਝੰਡਾ ਉਤਾਰਨ ਦੀ ਰਸਮ ਪਰੇਡ (ਰੀਟਰੀਟ ਸੈਰਾਮਨੀ) ਦਾ ਸਮਾਂ ਤਬਦੀਲ ਹੋ ਗਿਆ ਹੈ ਦੋਵਾਂ ਮੁਲਕਾਂ ਦੀਆਂ ਸਰਹੱਦੀ ਸੁਰੱਖਿਆ ਫੋਰਸਾਂ ਵੱਲੋਂ ਮੌਸਮ ਦੇ ਬਦਲਾਅ ਦੇ ਮੱਦੇਨਜ਼ਰ ਆਪਸੀ ਸਹਿਮਤੀ ਨਾਲ ਝੰਡਾ ਉਤਾਰਨ ਦੀ ਰਸਮ ਦਾ ਸਮਾਂ ਹੁਣ ਭਾਰਤੀ ਸਮੇਂ ਅਨੁਸਾਰ ਸ਼ਾਮ 6:30 ਤੋਂ 7 ਵਜੇ ਸ਼ਾਮ ਕਰ ਦਿੱਤਾ ਗਿਆ ਹੈ ਜ਼ਿਕਰਯੋਗ ਹੈ ਕਿ ਪਹਿਲਾਂ ਰੀਟਰੀਟ ਸ਼ਾਮ 6 ਵਜੇ ਤੋਂ ਸ਼ੁਰੂ ਹੋ ਕੇ ਸ਼ਾਮ 6:30 ਵਜੇ ਸਮਾਪਤ ਹੁੰਦੀ ਸੀ ਸੀਮਾ ਸੁਰੱਖਿਆ ਬਲ ਵੱਲੋਂ ਦੇਸ਼-ਵਿਦੇਸ਼ ਦੇ ਸੈਲਾਨੀਆਂ ਨੂੰ ਸੂਚਿਤ ਕੀਤਾ ਹੈ।

## ਸੁਪਰੀਮ ਕੋਰਟ ਨੇ ਯੂ.ਪੀ ਬਲਡੋਜਰ ਮਾਮਲੇ ਵਿੱਚ ਸਰਕਾਰ ਨੂੰ ਨੋਟਿਸ ਭੇਜਿਆ

**ਨਵੀਂ ਦਿੱਲੀ/ਲੋਕ ਬਾਣੀ:-** ਉੱਤਰ ਪ੍ਰਦੇਸ਼ @ਚ ਪ੍ਰਸ਼ਾਸਨ ਵਲੋਂ ਚੱਲ ਰਹੇ ਬੁਲਡੋਜ਼ਰ ਕਾਰਵਾਈ @ਤੇ ਰੋਕ ਲਗਾਉਣ ਲਈ ਜਮੀਅਤ ਉਲੇਮਾ-ਏ-ਹਿੰਦ ਵਲੋਂ ਦਾਇਰ ਪਟੀਸ਼ਨ @ਤੇ ਸੁਪਰੀਮ ਕੋਰਟ @ਚ ਅੱਜ ਸੁਣਵਾਈ ਹੋਈ ਹੈ ਇਸ ਮਾਮਲੇ @ਚ ਸੁਪਰੀਮ ਕੋਰਟ ਨੇ ਯੂ.ਪੀ.ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ ਅਤੇ ਤਿੰਨ ਦਿਨਾਂ @ਚ ਜਵਾਬ ਮੰਗਿਆ ਹੈ ਫ਼ਿਲਹਾਲ ਬੁਲਡੋਜ਼ਰ ਰੋਕਣ ਦੇ ਲਈ ਕੋਈ ਅੰਤਰਿਮ ਆਦੇਸ਼ ਨਹੀਂ ਦਿੱਤਾ ਗਿਆ ਹੈ ਇਸ ਮਾਮਲੇ ਦੀ ਸੁਣਵਾਈ ਹੁਣ ਮੰਗਲਵਾਰ ਨੂੰ ਹੋਵੇਗੀ ਅੱਜ ਜਸਟਿਸ-ਏ-ਐੱਸ.ਬੋਪਤਰਾ ਅਤੇ ਜਸਟਿਸ ਵਿਕਰਮ ਨਾਥ ਦੀ ਬੈਂਚ ਨੇ ਮਾਮਲੇ ਦੀ ਸੁਣਵਾਈ ਕੀਤੀ।

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਮੋਦੀ ਦੀ 'ਅਗਨੀਪਥ ਯੋਜਨਾ' ਖਿਲਾਫ ਬੇਰੁਜ਼ਗਾਰਾਂ ਵੱਲੋਂ ਜ਼ੋਰਦਾਰ ਪ੍ਰਦਰਸ਼ਨ, ਰੇਲਗੱਡੀ ਨੂੰ ਲਗਾਈ ਅੱਗ

**ਨਵੀਂ ਦਿੱਲੀ/ਲੋਕ ਬਾਣੀ**

ਫੌਜ ਦੀ ਭਰਤੀ ਲਈ ਕੇਂਦਰ ਸਰਕਾਰ ਦੀ ਅਗਨੀਪਥ ਯੋਜਨਾ ਦੇ ਖਿਲਾਫ ਦੂਜੇ ਦਿਨ ਵੀ ਪ੍ਰਦਰਸ਼ਨ ਜਾਰੀ ਹਨ ਖਾਸ ਕਰਕੇ ਬਿਹਾਰ ਵਿੱਚ ਨੌਜਵਾਨ ਕੇਂਦਰ ਦੀ ਨਵੀਂ ਸਕੀਮ ਦਾ ਵਿਰੋਧ ਕਰ ਰਹੇ ਹਨ ਵੀਰਵਾਰ ਨੂੰ ਸੂਬੇ ਦੇ ਜਹਾਨਾਬਾਦ, ਨਵਾਦਾ, ਕੈਮੂਰ, ਛਪਰਾ, ਮੋਤੀਹਾਰੀ ਅਤੇ ਸਹਰਸਾ 'ਚ ਪ੍ਰਦਰਸ਼ਨਾਂ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ॥

ਇਸ ਦੇ ਨਾਲ ਹੀ ਕਈ ਜ਼ਿਲ੍ਹਿਆਂ ਵਿੱਚ ਰੇਲ ਡੱਬਿਆਂ ਨੂੰ ਵੀ ਅੱਗ ਲਾ ਦਿੱਤੀ ਗਈ ਹੈ ਜਹਾਨਾਬਾਦ ਦੇ ਨੌਜਵਾਨਾਂ ਨੇ



ਅਗਨੀਪਥ ਯੋਜਨਾ ਦੇ ਵਿਰੋਧ ਵਿੱਚ ਕਾਕੋ ਮੋੜ ਨੇੜੇ ਐਨਐਚ-83 ਅਤੇ ਐਨਐਚ-110 ਨੂੰ ਜਾਮ ਕਰ ਦਿੱਤਾ ਅਤੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਇੱਥੇ ਕੁਝ ਨੌਜਵਾਨਾਂ ਨੇ ਰੇਲਵੇ ਟਰੈਕ 'ਤੇ ਧਰਨਾ ਦੇ ਦਿੱਤਾ, ਜਿਸ ਕਾਰਨ ਪਟਨਾ-ਗਯਾ ਰੇਲਵੇ ਲਾਈਨ 'ਤੇ ਆਵਾਜਾਈ 'ਚ ਵਿਘਨ ਪਿਆ।

ਜਹਾਨਾਬਾਦ 'ਚ ਟ੍ਰੈਕ ਜਾਮ ਕਰ ਰਹੇ ਵਿਦਿਆਰਥੀਆਂ ਨੇ ਟਰੇਨ 'ਤੇ ਪਥਰਾਅ ਕੀਤਾ ਹੈ ਇਸ ਘਟਨਾ 'ਚ ਕਈ ਲੋਕ ਜ਼ਖਮੀ ਹੋਏ ਹਨ ਜਹਾਨਾਬਾਦ ਸਟੇਸ਼ਨ ਦੇ ਕੋਲ ਪਥਰਾਅ ਹੋਇਆ, ਜਿਸ ਤੋਂ ਬਾਅਦ ਪੁਲਿਸ ਨੇ ਵਿਦਿਆਰਥੀਆਂ ਦਾ ਪਿੱਛਾ ਕੀਤਾ ਅਤੇ ਰੇਲਵੇ ਟਰੈਕ ਨੂੰ ਸਾਫ਼ ਕਰ ਦਿੱਤਾ ਇੱਥੇ ਨਵਾਦਾ, ਅਰਰਾ ਅਤੇ ਸਹਰਸਾ ਵਿੱਚ ਵੀ ਨੌਜਵਾਨਾਂ ਦਾ ਰੇਲਵੇ ਸਟੇਸ਼ਨ ਅਤੇ ਸੜਕ ਉੱਤੇ ਪ੍ਰਦਰਸ਼ਨ ਚੱਲ ਰਿਹਾ ਹੈ ਅਰਰਾ 'ਚ ਨੌਜਵਾਨਾਂ ਨੇ ਰੇਲਵੇ ਸਟੇਸ਼ਨ 'ਤੇ ਹੰਗਾਮਾ ਕਰ ਦਿੱਤਾ, ਜਿਸ ਤੋਂ ਬਾਅਦ ਪੁਲਸ ਨੇ ਅੱਥਰੂ ਗੈਸ ਦੇ ਗੋਲੇ ਛੱਡ ਕੇ ਉਨ੍ਹਾਂ ਨੂੰ ਖਦੇੜ ਦਿੱਤਾ। ਇਧਰ, ਸਹਰਸਾ 'ਚ ਫ਼ੌਜ ਦੀ ਭਰਤੀ ਪ੍ਰੀਖਿਆ ਰੱਦ ਕਰਨ ਅਤੇ ਉਮਰ ਹੱਦ ਘਟਾਉਣ ਦੇ ਵਿਰੋਧ 'ਚ ਉਮੀਦਵਾਰਾਂ ਨੇ ਰੇਲ ਗੱਡੀ ਰੋਕ ਕੇ ਰੋਸ ਪ੍ਰਦਰਸ਼ਨ ਕੀਤਾ । ਉਮੀਦਵਾਰਾਂ ਨੇ ਦਿੱਲੀ ਜਾਣ ਵਾਲੀ ਕਲੋਨ ਹਮਸਫਰ, ਵੈਸ਼ਾਲੀ ਸੁਪਰਫਾਸਟ ਅਤੇ ਪਟਨਾ ਜਾਣ ਵਾਲੀ ਰਾਜਰਾਨੀ ਸੁਪਰਫਾਸਟ ਟਰੇਨਾਂ ਨੂੰ ਘੰਟਿਆਂ ਤੱਕ ਰੋਕ ਦਿੱਤਾ।

## ਲੋਹੀਆਂ ਖ਼ਾਸ 'ਚ ਸਰਕਾਰੀ ਸਕੂਲ ਲਾਗੇ ਹੋਇਆ ਵੱਡਾ ਧਮਾਕਾ

**ਲੋਹੀਆਂ ਖ਼ਾਸ/ਲੋਕ ਬਾਣੀ**

ਲੋਹੀਆਂ ਖ਼ਾਸ ਵਿੱਚ ਸਰਕਾਰੀ ਸਕੂਲ ਦੇ ਨੇੜੇ ਬਣੇ ਇੱਕ ਕੋਲਡ ਸਟੋਰ ਵਿਚ ਵੱਡਾ ਧਮਾਕਾ ਹੋਣ ਦੀ ਖ਼ਬਰ ਮਿਲੀ ਹੈ।ਦੱਸਿਆ ਜਾ ਰਿਹਾ ਹੈ ਕਿ, ਲੰਘੀ ਰਾਤ ਇਹ ਕੋਲਡ ਸਟੋਰ ਹੀ ਫਟ ਗਿਆ, ਜਿਸ ਕਾਰਨ ਜ਼ਬਰਦਸਤ ਧਮਾਕਾ ਹੋਇਆ।

ਦੱਸਿਆ ਇਹ ਵੀ ਜਾ ਰਿਹਾ ਹੈ, ਜਿਸ ਜਗ੍ਹਾ ਇਹ ਕੋਲਡ ਸਟੋਰ ਹੈ, ਉਸ ਦੇ ਬਿਲਕੁਲ ਨਾਲ ਸਰਕਾਰੀ ਸਕੂਲ ਹੈ। ਜਾਣਕਾਰੀ ਮੁਤਾਬਿਕ, ਇਸ ਧਮਾਕੇ ਦੇ ਨਾਲ ਕਿਸੇ ਦੇ ਵੀ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ, ਪਰ ਕੋਲਡ ਸਟੋਰ ਦਾ ਕਾਫ਼ੀ ਜਿਆਦਾ ਨੁਕਸਾਨ ਹੋ ਗਿਆ ਹੈ।

# ਅਮਰੀਕਾ 'ਚ ਹੜ੍ਹ ਨੇ ਮਚਾਈ ਤਬਾਹੀ, 10000 ਤੋਂ ਵੱਧ ਸੈਲਾਨੀ ਫਸੇ

**ਅਮਰੀਕਾ/ਲੋਕ ਬਾਣੀ**

ਅਮਰੀਕਾ ਦੇ ਅੰਦਰ ਹੜ੍ਹਾਂ ਨੇ ਤਬਾਹੀ ਮਚਾ ਦਿੱਤੀ ਹੈ ਹੁਣ ਤੱਕ ਦੇਸ਼ ਦੇ ਅੰਦਰ ਲੱਖਾਂ ਡਾਲਰਾਂ ਦਾ ਨੁਕਸਾਨ ਹੋ ਗਿਆ ਹੈ, ਉਥੇ ਹੀ ਕਿਹਾ ਜਾ ਰਿਹਾ ਹੈ ਕਿ, ਇਸ ਵਾਰ ਹੜ੍ਹਾਂ ਵਿੱਚ ਹਜ਼ਾਰਾਂ ਲੋਕ ਪ੍ਰਭਾਵਿਤ ਹੋ ਗਏ ਹਨ ਅਤੇ ਕਈਆਂ ਦੇ ਮਰਨ ਦੀਆਂ ਵੀ ਖ਼ਬਰਾਂ ਹਨ।

ਜਾਣਕਾਰੀ ਦੇ ਮੁਤਾਬਿਕ,



ਅਮਰੀਕਾ ਦੇ ਯੈਲੋਸਟੋਨ ਵਿੱਚ ਹੜ੍ਹ ਆਉਣ ਕਾਰਨ ਦੇਸ਼ ਦੇ ਸਭ ਤੋਂ ਪੁਰਾਣੇ ਰਾਸ਼ਟਰੀ ਪਾਰਕ ਵਿੱਚੋਂ 10,000 ਤੋਂ ਵੱਧ ਸੈਲਾਨੀਆਂ ਨੂੰ ਬਾਹਰ ਕੱਢਣ ਦਾ ਹੁਕਮ ਦਿੱਤਾ ਗਿਆ ਹੈ।।ਨਿਊਜ਼ ਏਜੰਸੀ ਭਾਸ਼ਾ ਦੀ ਰਿਪੋਰਟ ਅਨੁਸਾਰ, ਹੜ੍ਹ ਕਾਰਨ ਕਈ ਪੁਲ ਅਤੇ ਸੜਕਾਂ ਰੁੜ੍ਹ ਗਈਆਂ ਹਨ, ਹਾਲਾਂਕਿ ਅਜੇ ਤੱਕ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ ਤਿੰਨ ਰਾਜਾਂ 'ਚ ਫੈਲੇ ਇਸ ਵਿਸ਼ਾਲ ਪਾਰਕ 'ਚ ਸਿਰਫ ਕੈਂਪ 'ਚ ਮੌਜੂਦ ਲੋਕ ਹੀ ਬਚੇ ਸਨ, ਜੋ ਹੁਣ ਉਥੋਂ ਬਾਹਰ ਨਿਕਲ ਰਹੇ ਹਨ।

# CM ਭਗਵੰਤ ਮਾਨ ਦੀ ਕੋਠੀ ਅੱਗੇ ਓਵਰਏਜ ਬੇਰੁਜ਼ਗਾਰਾਂ ਨੇ ਲਾਇਆ ਪੱਕਾ ਮੋਰਚਾ



**ਚੰਡੀਗੜ੍ਹ/ਲੋਕ ਬਾਣੀ**

ਓਵਰਏਜ ਬੇਰੁਜ਼ਗਾਰ ਜਥੇਬੰਦੀ ਪੰਜਾਬ ਬੇਰੁਜ਼ਗਾਰ ਸਾਥੀ ਵੇਰਕਾ ਪਲਾਂਟ ਸੰਗਰੂਰ ਤੋਂ ਮੁੱਖ ਮੰਤਰੀ ਦੀ ਕੋਠੀ ਵੱਲ ਮਾਰਚ ਕਰਕੇ ਪਹੁੰਚੇ ਜਿੱਥੇ ਪੁਲਿਸ ਪ੍ਰਸ਼ਾਸਨ ਨਾਲ ਧੱਕਾ ਮੁੱਕੀ ਹੋਣ ਤੇ ਜੱਥੇਬੰਦੀ ਵੱਲੋਂ ਪੂਰਾ ਦਿਨ ਸੜਕ ਜਾਮ ਕਰਨ ਤੋਂ ਬਾਅਦ ਮੁੱਖ ਮੰਤਰੀ ਦੀ ਕੋਠੀ ਅੱਗੇ ਪੱਕਾ ਮੋਰਚਾ ਲਗਾਇਆ ਪ੍ਰਧਾਨ ਰਮਨ ਕੁਮਾਰ ਨੇ ਦੱਸਿਆ ਕਿ ਜਿਵੇਂ ਹੀ ਇਹ ਸਰਕਾਰ ਬਣੀ ਸੀ ਤਾਂ ਇਹਨਾਂ ਤੋਂ ਉਮੀਦਾਂ ਵੀ ਵੱਧ ਸਨ। ਇਸ ਲਈ ਅਸੀਂ ਆਪਣੀ ਜੰਗ ਨੂੰ ਕਾਫੀ ਤੇਜ਼ ਕਰਦੇ ਹੋਏ, ਮੁੱਖ ਮੰਤਰੀ ਹਾਊਸ ਵਿਖੇ ਮੁੱਖ ਮੰਤਰੀ ਦੇ ਓ ਐਸ ਡੀ ਨਾਲ ਅਤੇ ਲਗਭਗ ਸਾਰੇ ਹੀ ਮੰਤਰੀਆਂ ਨਾਲ ਮੀਟਿੰਗ ਵੀ ਕੀਤੀਆਂ ਖਾਸ ਕਰਕੇ ਸਿੱਖਿਆ ਮੰਤਰੀ ਨਾਲ ਕਈ ਵਾਰ ਮੀਟਿੰਗ ਕੀਤੀਆ ਪਰ ਇਹਨਾਂ ਸਾਰੀਆਂ ਮੀਟਿੰਗ ਦਾ ਕੋਈ ਵੀ ਸਕਰਾਤਮਕ ਨਤੀਜਾ ਨਹੀਂ ਨਿਕਲੀਆਂ 4 ਜੂਨ ਨੂੰ ਯੂਨੀਅਨ ਵੱਲੋਂ ਸੰਗਰੂਰ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਤੇ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਨਾਲ ਮੀਟਿੰਗ ਕਰਵਾਈ ਗਈ ਸੀ ਜਿਸ ਦਾ ਹੁਣ ਤੱਕ ਕੋਈ ਨਤੀਜਾ ਨਹੀਂ ਨਿਕਲਿਆ।

ਇਸ ਲਈ ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਮਾਸਟਰ ਕੇਡਰ 4161 ਪੋਸਟਾਂ ਵਿੱਚ ਉਮਰ ਹੱਦ ਵਿੱਚ 5 ਸਾਲ ਦਾ ਵਾਧਾ ਕਰਕੇ ਓਵਰਏਜ ਹੋ ਗਏ ਬੇਰੁਜ਼ਗਾਰ ਸਾਥੀਆਂ ਨੂੰ ਅਪਲਾਈ ਕਰਵਾਇਆ ਜਾਵੇ

ਇਸ ਮੌਕੇ ਤੇ ਸੂਬਾ ਜਨਰਲ ਸਕੱਤਰ ਸਤਨਾਮ ਸਿੰਘ ਬਛੋਆਣਾ, ਸੂਬਾ ਪ੍ਰੈਸ ਸਕੱਤਰ ਨਿੱਕਾ ਸਿੰਘ ਫਤਹਿਗੜ੍ਹ ਛੰਨਾ, ਰਣਬੀਰ ਸਿੰਘ ਨਦਾਮਪੁਰ, ਜਸਕਰਨ ਸਿੰਘ ਦੋਦਾ(ਸ੍ਰੀ ਮੁਕਤਸਰ ਸਾਹਿਬ) ,ਗੌਰਵ ਚੋਪੜਾ ਲੁਧਿਆਣਾ , ਸੁਖਪਾਲ ਸਿੰਘ ਧੂਰੀ,ਜੱਜ ਸਿੰਘ ਅਬੋਹਰ,ਸੁਖਪਾਲ ਸਿੰਘ ਬਰਨਾਲਾ ,ਬਲਕਰਨ ਸਿੰਘ ਮੱਲਣ, ਜਸਵਿੰਦਰ ਸਿੰਘ ਗੁੜ੍ਹੀ ਸੰਘਰ, ਵਿਕਾਸ ਜੱਗ ਬਕੈਨਵਾਲਾ ਅਬੋਹਰ, ਅਸ਼ਵਨੀ ਕੁਮਾਰ ਮਲੇਰਕੋਟਲਾ, ਦਿਨੇਸ਼ ਕੁਮਾਰ ਅਬੋਹਰ ,ਜਗਤਾਰ ਸਿੰਘ,ਸਲੇਸ਼ ਕੁਮਾਰ ਪਟਿਆਲਾ, ਕਿਰਨਜੀਤ ਕੌਰ ਗੋਨਿਆਣਾ,ਲਲਿਤਾ ਪਟਿਆਲਾ ਕਰਮਜੀਤ ਕੌਰ ਬਰਨਾਲਾ, ਪਰਮਜੀਤ ਕੌਰ ਮਾਨਸਾ, ਸੁਖਪਾਲ ਕੌਰ ਕਾਂਝਲਾਂ ਤੇ ਜਸਵਿੰਦਰ ਕੌਰ ਸੰਗਰੂਰ ਮੌਜੂਦ ਰਹੇ।

# ਸੰਗਰੂਰ 'ਚ ਟੈਂਕੀ 'ਤੇ ਚੜ੍ਹੀਆਂ ਬੇਰੁਜ਼ਗਾਰ ਅਧਿਆਪਕਾਵਾਂ, ਸਿੱਖਿਆ ਮੰਤਰੀ ਸਮੇਤ ਸਰਕਾਰ ਸੁੱਤੀ



**ਸੰਗਰੂਰ/ਲੋਕ ਬਾਣੀ**

ਰੁਜ਼ਗਾਰ ਦੀ ਮੰਗ ਲਈ ਪਿਛਲੇ ਕਈ ਦਿਨਾਂ ਤੋਂ ਬੇਰੁਜ਼ਗਾਰ ਪੀ. ਟੀ. ਆਈ. ਅਧਿਆਪਕਾਵਾਂ ਪਾਣੀ ਵਾਲੀ ਟੈਂਕੀ ਤੇ ਚੜੀਆਂ ਹੋਈਆਂ ਹਨ।

ਇਨ੍ਹਾਂ ਬੇਰੁਜ਼ਗਾਰਾਂ ਦਾ ਸੰਘਰਸ਼ ਵੇਖ ਕੇ ਨਾ ਤਾਂ ਸੁੱਤੀ ਸਰਕਾਰ ਜਾਗਦੀ ਹੋਈ ਵਿਖਾਈ ਦੇ ਰਹੀ ਹੈ ਅਤੇ ਨਾ ਹੀ ਉਹ ਲੀਡਰ ਬੇਰੁਜ਼ਗਾਰਾਂ ਦੀ ਬਾਤ ਪੁੱਛ ਰਹੇ ਹਨ, ਜਿਹੜੇ ਸੱਤਾ ਵਿਚ ਆਉਣ ਤੋਂ ਪਹਿਲਾਂ ਬੇਰੁਜ਼ਗਾਰਾਂ ਦੇ ਹਮਦਰਦੀ ਬਣੇ ਫਿਰਦੇ ਸੀ॥

ਖ਼ਬਰਾਂ ਮੁਤਾਬਿਕ, ਬੇਰੁਜ਼ਗਾਰ ਪੀ. ਟੀ. ਆਈ. ਯੂਨੀਅਨ 646 ਰੁਜ਼ਗਾਰ ਦੇ ਸਬੰਧ ਵਿੱਚ ਸੰਗਰੂਰ ਵਿਖੇ ਪਾਣੀ ਦੀ ਟੈਂਕੀ ਉੱਤੇ ਚੜੀਆਂ 2 ਮਹਿਲਾ ਪੀ. ਟੀ.ਆਈ. ਅਧਿਆਪਕਾਵਾਂ ਅੱਜ ਵੀ ਲਗਾਤਾਰ ਟੈਂਕੀ ਉੱਤੇ ਡਟੀਆਂ ਹੋਈਆਂ ਹਨ॥

ਯੂਨੀਅਨ ਦੇ ਆਗੂ ਮਨਜੀਤ ਸਿੰਘ ਨੇ ਦੱਸਿਆ ਕਿ ਕੱਲ੍ਹ ਤੋਂ ਹੁਣ ਤੱਕ ਪੰਜਾਬ ਸਰਕਾਰ ਦੇ ਕਿਸੇ ਨੁਮਾਇੰਦੇ ਨੇ ਉਨ੍ਹਾਂ ਦੀ ਸਾਰ ਨਹੀਂ ਲਈ, ਜਿਸ ਦੇ ਚਲਦਿਆਂ ਹੁਣ ਪੀ. ਟੀ. ਆਈ. ਯੂਨੀਅਨ ਸੰਘਰਸ਼ ਤਿੱਖਾ ਕਰਨ ਦੇ ਰੋਹ ਵਿਚ ਹੈ।

## ਪੰਜਾਬ ਦੇ ਕਈ ਇਲਾਕਿਆਂ 'ਚ ਪਈ ਭਾਰੀ ਬਾਰਸ਼, ਗਰਮੀ ਤੋਂ ਮਿਲੀ ਰਾਹਤ



**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਦੇ ਕਈ ਇਲਾਕਿਆਂ ਵਿੱਚ ਬਾਰਸ਼ ਪੈਣ ਦੀਆਂ ਖ਼ਬਰਾਂ ਪ੍ਰਾਪਤ ਹੋ ਰਹੀਆਂ ਹਨ ਚੰਡੀਗੜ੍ਹ ਅਤੇ ਮੋਹਾਲੀ ਵਿੱਚ ਰਾਤ ਤੋਂ ਹੀ ਬਾਰਸ਼ ਪੈ ਰਹੀ ਹੈ, ਜਿਸ ਕਾਰਨ ਤਾਪਮਾਨ ਵਿਚ ਕਾਫ਼ੀ ਜਿਆਦਾ ਗਿਰਾਵਟ ਦਰਜ ਕੀਤੀ ਗਈ ਹੈ॥

ਮੌਸਮ ਵਿਭਾਗ ਦੀ ਮੰਨੀਏ ਤਾਂ, ਪਈ ਇਸ ਬਾਰਸ਼ ਦੇ ਨਾਲ ਲੋਕਾਂ ਨੂੰ ਗਰਮੀ ਤੋਂ ਤਾਂ ਰਾਹਤ ਮਿਲੀ ਹੀ ਹੈ, ਨਾਲ ਹੀ ਕਿਸਾਨਾਂ ਨੂੰ ਵੀ ਇਸ ਬਾਰਸ਼ ਦਾ ਕਾਫ਼ੀ ਫਾਇਦਾ ਮਿਲਿਆ ਹੈ, ਕਿਉਂਕਿ ਝੋਨੇ ਦੀ ਲੁਆਈ ਦਾ ਸੀਜ਼ਨ ਸ਼ੁਰੂ ਹੋ ਚੁੱਕਿਆ ਹੈ।

## ਸੰਗਰੂਰ ਚੋਣਾਂ ਨੂੰ ਲੈ ਕੇ ਚੋਣ ਕਮਿਸ਼ਨਰ ਵੱਲੋਂ ਨਵੇਂ ਆਦੇਸ਼ ਜਾਰੀ

**ਸੰਗਰੂਰ/ਲੋਕ ਬਾਣੀ:-** ਰਿਟਰਨਿੰਗ ਅਫ਼ਸਰ-ਕਮ-ਜ਼ਿਲਾ ਚੋਣ ਅਫ਼ਸਰ ਸੰਗਰੂਰ ਜਤਿੰਦਰ ਜੋਰਵਾਲ ਨੇ ਜ਼ਿਲਾ ਪ੍ਰਬੰਧਕੀ ਕੰਪਲੈਕਸ ਵਿਖੇ ਐਸ.ਐਸ.ਪੀ ਮਨਦੀਪ ਸਿੰਘ ਸਿੱਧੂ, ਵਧੀਕ ਜ਼ਿਲਾ ਚੋਣ ਅਫ਼ਸਰ ਅਨਮੋਲ ਸਿੰਘ ਧਾਲੀਵਾਲ ਤੇ ਐਸ.ਪੀ ਹੈਡਕੁਆਟਰ ਜਸਵੀਰ ਸਿੰਘ ਸਮੇਤ ਹੋਰ ਅਧਿਕਾਰੀਆਂ ਨਾਲ ਲੋਕ ਸਭਾ ਹਲਕਾ 12-ਸੰਗਰੂਰ ਦੀ ਜ਼ਿਮਨੀ ਚੋਣ ਦੇ ਪ੍ਰਬੰਧਾਂ ਬਾਰੇ ਵਿਸਤ੍ਰਿਤ ਸਮੀਖਿਆ ਮੀਟਿੰਗ ਕੀਤੀ ਜੋਰਵਾਲ ਨੇ ਕਿਹਾ ਕਿ ਆਦਰਸ਼ ਚੋਣ ਜ਼ਾਬਤੇ ਦੀ ਸ਼ਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਲੋਕ ਸਭਾ ਹਲਕੇ ਵਿੱਚ ਪੰਜਾਬ ਪੁਲਿਸ ਤੇ ਪੈਰਾ ਮਿਲਟਰੀ ਫੋਰਸ ਦੀਆਂ ਵੱਖ ਵੱਖ ਕੰਪਨੀਆਂ ਸੁਰੱਖਿਆ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਤਾਇਨਾਤ ਹਨ ਅਤੇ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਦੀ ਰੌਸ਼ਨੀ ਵਿੱਚ ਵੋਟਾਂ ਵਾਲੇ ਦਿਨ ਭਾਵ 23 ਜੂਨ ਨੂੰ ਪੋਲਿੰਗ ਬੂਥਾਂ ਦੇ 100 ਮੀਟਰ ਦੇ ਘੇਰੇ ਅੰਦਰ ਪੂਰੀ ਚੌਕਸੀ ਵਰਤੀ ਜਾਵੇ ਅਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਅਮਨ ਤੇ ਕਾਨੂੰਨ ਭੰਗ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਘੇਰੇ ਅੰਦਰ ਕਿਸੇ ਵੀ ਉਮੀਦਵਾਰ ਜਾਂ ਪਾਰਟੀ ਦੇ ਚੋਣ ਨਿਸ਼ਾਨ, ਝੰਡੇ ਜਾਂ ਸੰਕੇਤ ਨੂੰ ਲਗਾਉਣ ਦੀ ਪ੍ਰਵਾਨਗੀ ਨਹੀਂ ਹੋਵੇਗੀ।

# ਜਦੋਂ ਸੰਗਤ ਨੇ ਏਕਾ ਕੀਤਾ ਤਾਂ ਸਰਕਾਰਾਂ ਨੂੰ ਵੀਰ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਉਮਰ ਕੈਦ ਵਿਚ ਤਬਦੀਲ ਕਰਨੀ ਪਈ, ਹੁਣ ਵੀ ਤੁਹਾਡੀ ਲੋੜ ਆਂ : ਬੀਬੀ ਰਾਜੋਆਣਾ



**ਸ਼ੇਰਪੁਰ/ਯਾਦਵਿੰਦਰ ਸਿੰਘ ਮਾਹੀ**

ਅੱਜ ਸਥਾਨਕ ਅਗਰਵਾਲ ਧਰਮਸ਼ਾਲਾ ਵਿਖੇ ਜ਼ਿਲ੍ਹਾ ਅਕਾਲੀ ਜਥਾ ਸੰਗਰੂਰ ਦੇ ਸਕੱਤਰ ਜਨਰਲ ਮਾਸਟਰ ਹਰਬੰਸ ਸਿੰਘ ਸ਼ੇਰਪੁਰ, ਗ਼ਰੀਬ ਸਿੰਘ ਸਾਬਕਾ ਸਰਪੰਚ ਛੰਨਾ , ਜਸਵਿੰਦਰ ਸਿੰਘ ਦੀਦਾਰਗੜ ਸਰਕਲ ਪ੍ਰਧਾਨ , ਗੁਰਜੰਟ ਸਿੰਘ ਪੰਜਗਰਾਈਆਂ ਦੀ ਅਗਵਾਈ ਹੇਠ ਰੱਖੀ ਗਈ ਇਕੱਤਰਤਾ ਮੌਕੇ ਲੋਕ ਇਕੱਠ ਨੂੰ ਸੰਬੋਧਨ ਕਰਦਿਆਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਭੈਣ ਕਮਲਦੀਪ ਕੌਰ ਰਾਜੋਆਣਾ ਨੇ ਆਖਿਆ , ਬਲਵੰਤ ਸਿੰਘ ਰਾਜੋਆਣਾ ਦੀ ਕੁਰਬਾਨੀ ਨੂੰ ਕੁਚਲਣ ਦੇ ਯਤਨ ਕੀਤੇ ਜਾ ਰਹੇ ਹਨ ਬੰਦੀ ਸਿੰਘਾਂ ਦੀ ਰਿਹਾਈ ਦੇ ਦਰਦ ਨੂੰ ਅਣਡਿੱਠਾ ਕਰ ਕੇ ਰਾਜਨੀਤਕ ਸਹੂਲਤਾਂ ਮਾਨਣ ਦੀ ਲਲਕ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਜਿਸ ਨਾਲ ਅੱਜ ਅਖੌਤੀ ਟਕਸਾਲੀ ਬੇਨਕਾਬ ਹੋ ਕੇ ਰਹਿ ਗਏ ਹਨ ਬੀਬੀ ਰਾਜੋਆਣਾ ਨੇ ਕਿਹਾ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਹੋਣ ਤੋਂ ਬਾਅਦ ਵੀ ਜੇਲ੍ਹਾਂ ਦੀਆਂ ਕਾਲ ਕੋਠੜੀਆਂ ਵਿੱਚ ਬੰਦ ਹਨ , ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਜਦੋਂ ਸੰਗਤ ਨੇ ਏਕਾ ਕੀਤਾ ਤਾਂ ਸਰਕਾਰਾਂ ਨੂੰ ਵੀਰ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਉਮਰ ਕੈਦ ਵਿਚ ਤਬਦੀਲ ਕਰਨੀ ਪਈ ਉਨ੍ਹਾਂ ਫਿਰ ਕਿਹਾ ਕਿ ਮੈਂ ਕੋਈ ਸਿਆਸੀ ਲੀਡਰ ਨਹੀਂ ਸਗੋਂ ਸਮੁੱਚੀਆਂ ਪੰਥਕ ਜਥੇਬੰਦੀਆਂ ,ਧਾਰਮਿਕ ਸੰਸਥਾਵਾਂ ਅਤੇ ਸਮਾਜ ਸੇਵੀ ਲੋਕਾਂ ਦੇ ਸਹਿਯੋਗ ਨਾਲ ਬੰਦੀ ਸਿੰਘਾਂ ਦੀ ਰਿਹਾਈ ਲਈ ਆਵਾਜ਼ ਉਠਾਉਣ ਲਈ ਚੋਣ ਮੈਦਾਨ ਵਿਚ ਆਈ ਹਾਂ ਮੈਂ ਤੁਹਾਨੂੰ ਸਾਰਿਆਂ ਨੂੰ ਅਪੀਲ ਕਰਦੀ ਹਾਂ ਕਿ ਤੁਹਾਡੀ ਇਕ ਇਕ ਵੋਟ ਬੰਦੀ ਸਿੰਘਾਂ ਦੀ ਰਿਹਾਈ ਲਈ ਹਾਅ ਦਾ ਨਾਅਰਾ ਹੋਵੇਗੀ

ਬੀਬੀ ਰਾਜੋਆਣਾ ਨੇ ਕਿਹਾ ਹਲਕਾ ਭਰ ਅੰਦਰ ਨੌਜਵਾਨ ਲੋਕ ਲਹਿਰ ਉਸਾਰਨ ਤੁਰ ਪਏ ਹਨ ਜਿਸ ਤੋਂ ਇਹ ਆਸ ਹੈ ਕਿ ਉਹ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ ਇਸ ਦੌਰਾਨ ਮਾਝੇ ਦੇ ਜਰਨੈਲ ਸ. ਵਿਰਸਾ ਸਿੰਘ ਵਲਟੋਹਾ, ਸੀਨੀਅਰ ਅਕਾਲੀ ਆਗੂ ਮਾਸਟਰ ਹਰਬੰਸ ਸਿੰਘ ਸ਼ੇਰਪੁਰ ਨੇ ਵੀ ਬੰਦੀ ਸਿੰਘਾਂ ਦੀ ਰਿਹਾਈ ਲਈ ਬੀਬਾ ਰਾਜੋਆਣਾ ਨੂੰ ਜਿਤਾਉਣ ਲਈ ਅਪੀਲ ਕੀਤੀ ਇਕੱਤਰਤਾ ਮੌਕੇ ਇੰਟਰਨੈਸ਼ਨਲ ਢਾਡੀ ਜਥਾ ਸਰਪੰਚ ਨਾਥ ਸਿੰਘ ਹਮੀਦੀ ਵੱਲੋਂ ਢਾਡੀ ਵਾਰਾਂ ਦਾ ਗੁਣਗਾਣ ਕੀਤਾ ਗਿਆ ਇਸ ਮੌਕੇ ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਕੋਟਭਾਈ, ਸਤਿੰਦਰਜੀਤ ਮੰਟਾ ਓ ਐੱਸ ਡੀ ਸ. ਸੁਖਬੀਰ ਸਿੰਘ ਬਾਦਲ, ਕਰਨੈਲ ਸਿੰਘ ਪੀਰ ਮੁਹੰਮਦ, ਭਾਈ ਮਨਜੀਤ ਸਿੰਘ , ਬੀਬੀ ਬੇਅੰਤ ਕੌਰ ਇਸਤਰੀ ਵਿੰਗ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਬਰਨਾਲਾ,ਬੀਬੀ ਕਿਰਨਦੀਪ ਕੌਰ ਇਸਤਰੀ ਵਿੰਗ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਲੁਧਿਆਣਾ, ਸਾਬਕਾ ਸਰਪੰਚ ਦਰਸ਼ਨ ਸਿੰਘ ਬਧੇਸ਼ਾ , ਭਜਨ ਸਿੰਘ ਸਾਬਕਾ ਚੇਅਰਮੈਨ , ਭਗਵਾਨ ਸਿੰਘ ਈਨਾ ਬਾਜਵਾ, ਜਗਦੇਵ ਸਿੰਘ ਬਦੇਸ਼ਾ , ਜੋਰਾ ਸਿੰਘ ਫੌਜੀ, ਜੱਸੀ ਬਾਜਵਾ, ਰਣਜੀਤ ਸਿੰਘ ਰਾਣਾ, ਮਨਜੀਤ ਕੌਰ ਕਾਲਾਬੂਲਾ, ਸਾਹਿਬ ਜੋਤ ਸਿੰਘ ਬਾਗੜ ,ਅਮਨਦੀਪ ਸਿੰਘ ਢੱਡਾ , ਅਕਾਲੀ ਆਗੂ ਧਰਮਿੰਦਰ ਸਿੰਗਲਾ , ਜੀਵਨ ਕੁਮਾਰ , ਸੁਖਵਿੰਦਰ ਕੌਰ ਸ਼ੇਰਪੁਰ, ਜਸ਼ਪਾਲ ਕੌਰ ਜਸ਼ਨ , ਨਰਿੰਦਰ ਸਿੰਘ ਬਦੇਸ਼ਾ, ਸ਼ੁਭਦੀਪ ਸਿੰਘ ਕਨੇਡਾ ,ਭਾਗ ਸਿੰਘ ਜੇ ਈ, ਦੀਦਾਰ ਸਿੰਘ ਕਾਲਾਬੂਲਾ , ਬਲਦੇਵ ਸਿੰਘ ਘਨੌਰੀ ਖੁਰਦ , ਨਛੱਤਰ ਸਿੰਘ ਸਲੇਮਪੁਰ, ਰਣਜੀਤ ਸਿੰਘ ਸਲੇਮਪੁਰ, ਜੋਗਿੰਦਰ ਸਿੰਘ ਸਲੇਮਪੁਰ, ਬਸਪਾ ਆਗੂ ਡਾ ਜਗਜੀਵਨ ਸਿੰਘ, ਬਸਪਾ ਆਗੂ ਸਰਬਜੀਤ ਸਿੰਘ ਖੇੜੀ ਅਤੇ ਨਾਜ਼ਮ ਸਿੰਘ ਹੇੜੀਕੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਜਥੇਬੰਦਕ ਆਗੂ ਅਤੇ ਪਤਵੰਤੇ ਸ਼ਾਮਲ ਸਨ।

## ਤੇਜ਼ਧਾਰ ਹਥਿਆਰਾਂ ਨਾਲ ਵਿਅਕਤੀ ’ਤੇ ਕੀਤਾ ਹਮਲਾ, ਹਵਾਈ ਫਾਇਰ ਕਰ ਹੋਏ ਫ਼ਰਾਰ

**ਬਟਾਲਾ/ਲੋਕ ਬਾਣੀ**

ਪਿੰਡ ਵੜੈਚਾਂ ’ਚ ਤੇਜ਼ਧਾਰ ਹਥਿਆਰਾਂ ਨਾਲ ਪਿੰਡ ਦੇ ਕੁਝ ਵਿਅਕਤੀਆਂ ਵੱਲੋਂ ਇਕ ਵਿਅਕਤੀ ਉੱਪਰ ਹਮਲਾ ਕਰ ਕੇ ਜ਼ਖ਼ਮੀ ਕਰਨ ਦੇ ਨਾਲ-ਨਾਲ ਹਵਾਈ ਫਾਇਰ ਕਰਨ ਦਾ ਵੀ ਸਮਾਚਾਰ ਮਿਲਿਆ ਹੈ ਇਸ ਸਬੰਧੀ ਲਖਬੀਰ ਸਿੰਘ ਪੁੱਤਰ ਬਖਸ਼ੀਸ਼ ਸਿੰਘ ਵਾਸੀ ਪਿੰਡ ਵੜੈਚਾਂ ਨੇ ਦੱਸਿਆ ਕਿ ਮੇਰਾ ਭਰਾ ਹਰਦੇਵ ਸਿੰਘ ਮੋਟਰ ਤੋਂ ਵਾਪਸ ਘਰ ਵੱਲ ਆ ਰਿਹਾ ਸੀ ਕਿ ਪਿੰਡ ਦੇ ਕੁਝ ਵਿਅਕਤੀਆਂ ਨੇ ਉਸ ’ਤੇ ਹਮਲਾ ਕਰਦਿਆਂ ਕਹੀ ਸਿਰ ’ਚ ਮਾਰ ਦਿੱਤੀ, ਜਿਸ ਨਾਲ ਭਰਾ ਜ਼ਖਮੀ ਹੋ ਗਿਆ।

ਹਮਲੇ ਕਾਰਨ ਜ਼ਖ਼ਮੀ ਹੋਣ ਕਰਕੇ ਉਸ ਨੂੰ ਤੁਰੰਤ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ ਦੂਜੇ ਪਾਸੇ ਇਸ ਘਟਨਾ ਸਬੰਧੀ ਥਾਣਾ ਕਾਹਨੂੰਵਾਨ ਦੀ ਪੁਲਸ ਨੂੰ ਸੂਚਨਾ ਦੇ ਦਿੱਤੀ ਗਈ ਹੈ ਲਖਬੀਰ ਸਿੰਘ ਮੁਤਾਬਕ ਇਸ ਤੋਂ ਬਾਅਦ ਸਬੰਧਤ ਵਿਅਕਤੀਆਂ ਨੇ ਹਵਾਈ ਫਾਇਰ ਵੀ ਕੀਤੇ ਹਨ ਪੀੜਤ ਪਰਿਵਾਰ ਨੇ ਪੁਲਸ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਹਮਲਾ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਹੋਰ ਜਾਣਕਾਰੀ ਮੁਤਾਬਕ ਹਮਲੇ ਜਗ੍ਹਾ ’ਤੇ ਇਕ ਸੀ. ਸੀ. ਟੀ. ਵੀ. ਫੁਟੇਜ ਵੀ ਮਿਲੀ ਹੈ, ਜਿਸ ਵਿਚ ਹਮਲਾ ਕਰਨ ਵਾਲੇ ਹਥਿਆਰਾਂ ਸਮੇਤ ਦਿਖਾਈ ਦੇ ਰਹੇ ਹਨ।

# ‘ਆਪ’ ਦੀ ਸਰਕਾਰ ’ਚ ਕੋਈ ਵੀ ਵਿਅਕਤੀ ਸੁਰੱਖਿਅਤ ਵਿਖਾਈ ਨਹੀਂ ਦੇ ਰਿਹਾ : ਤ੍ਰਿਪਤ ਬਾਜਵਾ



**ਬਟਾਲਾ/ਲੋਕ ਬਾਣੀ**

ਝੂਠ ਬੋਲ ਕੇ ਸੱਤਾਂ ਦੀਆਂ ਪੌੜੀਆਂ ਚੜ੍ਹਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਆਪਣਾ ਭਰੋਸਾ ਤੇ ਵਕਾਰ ਗੁਆ ਚੁੱਕੀ ਹੈ, ਜਿਸ ਤਹਿਤ ਸੂਬੇ ਦੇ ਲੋਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਅਤੇ ਮੌਜੂਦਾ ਕਾਂਗਰਸੀ ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਹਲਕੇ ਦੇ ਪਿੰਡਾਂ ’ਚ ਮੀਟਿੰਗਾਂ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਤਜਰਬੇ ਤੋਂ ਹੀਣੀ ਆਪ ਸਰਕਾਰ ਨੂੰ ਪੰਜਾਬ ਦੇ ਕਾਰਜਕਾਲ ਨੂੰ ਚਲਾਉਣਾ ਨਹੀਂ ਆ ਰਿਹਾ ‘ਆਪ’ ਸਰਕਾਰ ਦਾ ਅਸਲੀ ਚਿਹਰਾ ਲੋਕਾਂ ਦੇ ਸਾਹਮਣੇ ਆ ਚੁੱਕਾ ਹੈ, ਕਿਉਂਕਿ ਸਰਕਾਰ ਨੂੰ ਪੰਜਾਬ ਦੇ ਹੱਕਾਂ-ਹਿੱਤਾਂ ਦੇ ਨਾਲ ਕੋਈ ਸਰੋਕਾਰ ਦਿਖਾਈ ਨਹੀਂ ਦੇ ਰਿਹਾ। ਉਨ੍ਹਾਂ ਕਿਹਾ ਕਿ ਸਰਕਾਰ ਦੇ ਥੋੜੇ ਸਮੇਂ ਦੇ ਕਾਰਜਕਾਲ ਦੌਰਾਨ ਅਣਗਿਣਤ ਕਤਲ ਦੀਆਂ ਵਾਰਦਾਤਾਂ ਅਤੇ ਹੋਰ ਦਿਲ ਦਹਿਲਾਉਣ ਵਾਲੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ, ਜਦਕਿ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਦੇ ਨਾਲ ਵਿਗੜ ਚੁੱਕੀ ਹੈ ਅਪਰਾਧਿਕ ਬਿਰਤੀ ਵਾਲੇ ਲੋਕਾਂ ਨੂੰ ਕਾਨੂੰਨ ਅਤੇ ਸਰਕਾਰ ਦਾ ਕੋਈ ਡਰ ਦਿਖਾਈ ਨਹੀਂ ਦੇ ਰਿਹਾ ਬਾਜਵਾ ਨੇ ਕਿਹਾ ਕਿ ਸੂਬੇ ਦਾ ਹਰ ਵਰਗ ਡਰ ਅਤੇ ਸਹਿਮ ਦੇ ਮਾਹੌਲ ਅੰਦਰ ਜੀਵਨ ਬਤੀਤ ਕਰ ਰਿਹਾ ਹੈ, ਕਿਉਂਕਿ ਕੋਈ ਵੀ ਵਿਅਕਤੀ ‘ਆਪ’ ਦੀ ਸਰਕਾਰ ’ਚ ਸੁਰੱਖਿਅਤ ਵਿਖਾਈ ਨਹੀਂ ਦੇ ਰਿਹਾ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸ਼ਾ ਧਰਮ ਨਿਰਪੱਖਤਾ ਦੀ ਗੱਲ ਕਰਦਿਆਂ ਸੱਚ ਬੋਲ ਕੇ ਸੂਬੇ ਨੂੰ ਪੂਰੀ ਸੂਝਬੂਝ ਨਾਲ ਸੰਭਲਣ ਦੇ ਯਤਨ ਕੀਤੇ ਇਸ ਮੌਕੇ ਹਲਕੇ ਦੇ ਆਗੂ ਅਤੇ ਪੰਚ, ਸਰਪੰਚ ਹਾਜ਼ਰ ਸਨ।

# ਖ਼ੁਰਾਕ ਤੇ ਸਪਲਾਈ ਵਿਭਾਗ ਦੇ ਸਮੂਹ ਸਟਾਫ਼ ਵੱਲੋਂ ਛਬੀਲ ਲਗਾਈ



**ਲੁਧਿਆਣਾ/ਸੁਖਚੈਨ ਮਹਿਰਾ**

ਖ਼ੁਰਾਕ ਤੇ ਸਪਲਾਈ ਵਿਭਾਗ ਦੇ ਸਮੂਹ ਸਟਾਫ਼ ਵੱਲੋਂ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਮੁੱਖ ਰੱਖਦੇ ਹੋਏ ਸਰਾਭਾ ਨਗਰ ਵਿਖੇ ਛਬੀਲ ਲਗਾਈ ਗਈ, ਜਿਸ ਵਿੱਚ ਰਾਹਗੀਰਾਂ ਅਤੇ ਲੋੜਵੰਦਾਂ ਵਾਸਤੇ ਠੰਡੇ ਮਿੱਠੇ ਜਲ ਦੇ ਨਾਲ ਛੋਲਿਆਂ ਦਾ ਲੰਗਰ ਵੀ ਲਗਾਇਆ ਗਿਆ।

ਇਸ ਮੌਕੇ ਜਿਲਾ ਕੰਟਰੋਲਰ ਖ਼ੁਰਾਕ ਤੇ ਸਪਲਾਈ (ਪੂਰਬੀ) ਸ੍ਰੀਮਤੀ ਸ਼ਿਫਾਲੀ ਚੋਪੜਾ ਅਤੇ ਜਿਲਾ ਕੰਟਰੋਲਰ ਖ਼ੁਰਾਕ ਸਪਲਾਈਜ ਪੱਛਮੀ ਸ੍ਰੀ ਸਤਵੀਰ ਸਿੰਘ ਮਾਵੀ, ਖ਼ੁਰਾਕ ਸਪਲਾਈ ਅਫਸਰ ਸ੍ਰੀ ਲਖਵੀਰ ਸਿੰਘ, ਲੇਖਾ ਅਫਸਰ ਸ੍ਰੀ ਇੰਦਰਪ੍ਰੀਤ ਸਿੰਘ, ਸੀਨੀਅਰ ਅਸਿਸਟੈਂਟ ਸ੍ਰੀ ਸੁਰੇਸ਼ ਕੁਮਾਰ, ਏ ਐਫ ਐਸ ਓ ਸ੍ਰੀਮਤੀ ਦਮਨਜੀਤ ਕੌਰ ਤੋਂ ਇਲਾਵਾ ਮਨਿੰਦਰ ਸਿੰਘ ਖੁਰਾਣਾ, ਕੁਲਦੀਪ ਸਿੰਘ, ਮਨਪ੍ਰੀਤ ਸਿੰਘ, ਲਵਲੀਨ ਸਿੰਘ, ਅਜੇ ਕੁਮਾਰ, ਹਰਸ਼ਿਤ ਕੁਮਾਰ, ਪਰਵਿੰਦਰ ਲੱਧੜ, ਅਰਵਿੰਦਰ ਪਾਲ ਸਿੰਘ, ਮੁਕੁਲ ਗਰਗ, ਅਮਨਦੀਪ ਸਿੰਘ, ਆਸ਼ੀਸ਼ ਕੁਮਾਰ, ਰਾਜੇਸ਼ ਕੁਮਾਰ, ਰੂਬਲ ਸਿੰਘ, ਬਲਵਿੰਦਰ ਸਿੰਘ, ਰਾਜਨ ਬੋਹਟ, ਅਰੁਣ ਸਲਾਰੀਆ, ਧੀਰਜ ਕੁਮਾਰ, ਮਨਜੀਤ ਸਿੰਘ, ਕੁਲਦੀਪ ਸਿੰਘ ਨਾਜ਼ਰ, ਪ੍ਰਦੀਪ ਕਪੂਰ, ਅਮਰਜੀਤ ਸਿੰਘ, ਜਸਵਿੰਦਰ ਸਿੰਘ ਪੰਧੇਰ ਸਾਰੇ ਨਿਰੀਖਕ ਅਤੇ ਸਮੂਹ ਸਟਾਫ਼ ਨੇ ਸੇਵਾ ਵਿੱਚ ਵਿਸ਼ੇਸ਼ ਯੋਗਦਾਨ ਪਾਇਆ॥

# ਸੀਪੀਆਈ (ਐਮ) ਦੀ ਮੀਟਿੰਗ ਦੌਰਾਨ ਆਗੂਆਂ ਵੱਲੋਂ ਕੇਂਦਰ ਸਰਕਾਰ ਲੋਕ ਵਿਰੋਧੀ ਨੀਤੀਆਂ ਦੀ ਕੀਤੀ ਆਲੋਚਨਾ



**ਰਾਏਕੋਟ/ਗੁਰਭਿੰਦਰ ਗੁਰੀ**

ਸੀਪੀਆਈ( ਐਮ )ਪਾਰਟੀ ਦੀ ਮੀਟਿੰਗ ਕਰੀਬੀ ਪਿੰਡ ਬੁਰਜ ਹਰੀ ਵਿਖੇ ਜ਼ਿਲ੍ਹਾ ਸਕੱਤਰੇਤ ਮੈਂਬਰ ਬਲਜੀਤ ਸਿੰਘ ਗਰੇਵਾਲ ਦੀ ਅਗਵਾਈ ਪ?ਧਾਨਗੀ ਹੇਠ ਕੀਤੀ ਗਈ ਮੀਟਿੰਗ ਦੌਰਾਨ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਨੇ ਵੱਡੀ ਗਿਣਤੀ 'ਚ ਸਮੂਲੀਅਤ ਕੀਤੀ ਇਸ ਮੀਟਿੰਗ ਨੂੰ ਸੰਬੋਧਨ ਕਰਨ ਲਈ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ ਤੌਰ ਤੇ ਪਹੁੰਚੇ ਇਸ ਮੌਕੇ ਕਾਮਰੇਡ ਸੇਖੋਂ ਨੇ ਕੇਂਦਰ ਸਰਕਾਰ ਦੀਆਂ ਮਾੜੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਕਿਹਾ ਕਿ ਸਰਕਾਰ ਫਿਰਕੂ ਅਤੇ ਕਾਰਪੋਰੇਟ ਗੱਠਜੋੜ ਪੈਦਾ ਕਰਕੇ ਦੇਸ਼ ਵਿੱਚ ਮਾੜੇ ਹਾਲਾਤ ਪੈਦਾ ਕਰ ਰਹੀ ਹੈ ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ ਫੌਜ ਵਿੱਚ ਠੇਕੇ ਦੇ ਆਧਾਰਤ ਚਾਰ ਸਾਲ ਤਕ ਦੀ ਭਰਤੀ ਕਰਨ ਦਾ ਫ਼ੈਸਲਾ ਲਿਆ ਗਿਆ ਹੈ ਉਹ ਜਿਥੇ ਦੇਸ਼ ਦੀ ਸੁਰੱਖਿਆ ਲਈ ਵੱਡਾ ਖਤਰਾ ਹੈ , ਉਥੇ ਨੌਜਵਾਨਾਂ ਦੇ ਭਵਿੱਖ ਨਾਲ ਵੀ ਖਿਲਵਾੜ ਹੈ ਕਿਉਂਕਿ ਚਾਰ ਸਾਲ ਨੌਕਰੀ ਕਰਨ ਤੋਂ ਬਾਅਦ ਉਸ ਨੌਜਵਾਨ ਦਾ ਭਵਿੱਖ ਕੀ ਹੋਵੇਗਾ ਇਹ ਵੀ ਇੱਕ ਵੱਡਾ ਸਵਾਲ ਹੈ ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਅੱਜ ਜੋ ਫਿਰਕੂ ਦੰਗੇ ਹੋ ਰਹੇ ਹਨ ਇਹ ਸਭ ਖਤਰਨਾਕ ਹਨ।

ਅਜਿਹੇ ਹਾਲਾਤਾਂ ਵਿੱਚ ਲੋਕਾਂ ਨੂੰ ਆਪਸੀ ਭਾਈਚਾਰਾ ਬਣਾ ਕੇ ਰੱਖਣਾ ਪਵੇਗਾ ਸੂਬਾ ਸਕੱਤਰ ਕਾ. ਸੇਖੋਂ ਨੇ ਕਿਹਾ ਕਿ ਅਜਿਹੇ ਹਲਾਤਾਂ @ਚ ਲੋਕਾਂ ਨੂੰ ਸਰਕਾਰ ਦੀਆਂ ਨੀਤੀਆਂ ਤੋਂ ਸੁਚੇਤ ਰਹਿਣ ਦੀ ਲੋੜ ਹੈ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਮਹਿੰਗਾਈ ਤੇ ਕੰਟਰੋਲ ਕਰਨ ਦੀ ਬਜਾਏ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਆ ਕੇ ਲੋਕ ਮਾਰੂ ਫ਼ੈਸਲੇ ਲੈ ਰਹੀ ਹੈ ਜਿਸ ਦਾ ਲੋਕਾਂ ਨੂੰ ਇਕ ਮੰਚ ਤੇ ਇਕੱਠੇ ਹੋ ਕੇ ਡਟ ਕੇ ਵਿਰੋਧ ਕਰਨਾ ਚਾਹੀਦਾ ਹੈ ਇਸ ਮੌਕੇ ਸਤਨਾਮ ਸਿੰਘ ਵੜੈਚ, ਰੂਪ ਬਸੰਤ ਸਿੰਘ ਬੜੈਚ, ਕਿਰਪਾਲ ਸਿੰਘ ਆਲਮਗੀਰ ,ਰਣਧੀਰ ਸਿੰਘ ਢੇਸੀ, ਹਰਪਾਲ ਸਿੰਘ ,ਬਲਵੀਰ ਸਿੰਘ ਆਲਮਗੀਰ , ਸੁਖਦੀਪ ਸਿੰਘ ਗਰੇਵਾਲ ਜ਼ਿਲ੍ਹਾ ਸਕੱਤਰ, ਬਲਜੀਤ ਸਿੰਘ ਦਿਓਲ ,ਨਛੱਤਰ ਸਿੰਘ ਸਮੇਤ ਹੋਰ ਪਾਰਟੀ ਵਰਕਰ।

# ਹੈਰੋਇਨ ਸਪਲਾਈ ਕਰਨ ਵਾਲੇ ਦੋਸ਼ੀ ਨੂੰ 30 ਜੂਨ ਤੱਕ ਜੁਡੀਸ਼ੀਅਲ ਰਿਮਾਂਡ ਤੇ ਭੇਜਿਆ



**ਲੁਧਿਆਣਾ/ਕਰਨ ਅਗਰਵਾਲ:-** ਲੁਧਿਆਣਾ ਪੁਲਿਸ ਕਮਿਸ਼ਨਰੇਟ ਪੁਲਿਸ ਵੱਲੋਂ ਨਸ਼ਾ ਸਮੱਗਲਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਬੀਤੇ ਦਿਨੀਂ ਥਾਣਾ ਸਰਾਭਾ ਨਗਰ ਅਧੀਨ ਆਉਂਦੀ ਚੌਕੀ ਰਘੁਨਾਥ ਇੰਨਕਲੇਵ ਦੀ ਪੁਲਿਸ ਪਾਰਟੀ ਨੇ ਹੈਰੋਇਨ ਦੀ ਸਪਲਾਈ ਕਰਨ ਜਾ ਰਹੇ ਇਕ ਵਿਅਕਤੀ ਨੂੰ ਕਾਬੂ ਕੀਤਾ ਹੈ। ਮਿਲੀ ਜਾਣਕਾਰੀ ਅਨੁਸਾਰ ਥਾਣਾ ਸਰਾਭਾ ਨਗਰ ਦੇ ਐਸਐਚਓ ਹਰਪ੍ਰੀਤ ਸਿੰਘ ਦੇ ਨਿਰਦੇਸ਼ਾਂ ਤਹਿਤ ਰਘੁਨਾਥ ਚੌਕੀਂ ਦੇ ਇੰਚਾਰਜ ਸਬ ਇੰਸਪੈਕਟਰ ਜਸਪਾਲ ਸਿੰਘ ਦੀ ਅਗਵਾਈ ਹੇਠ ਆਸ਼ਾਪੁਰੀ ਚੌਕ ਵਿਖੇ ਨਾਕਾ ਲਗਾਇਆ ਗਿਆ ਸੀ ਜਿਸ ਦੋਰਾਨ ਮੋਟਰਸਾਈਕਲ ਤੇ ਸਵਾਰ ਇੱਕ ਸ਼ਕੀ ਵਿਅਕਤੀ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਤਾਂ ਉਸਨੇ ਆਪਣਾ ਮੋਟਰਸਾਈਕਲ ਭਜਾ ਲਿਆ ਕੁਝ ਦੂਰੀ ਤੇ ਉਸਦਾ ਮੋਟਰਸਾਈਕਲ ਬੰਦ ਹੋਣ ਕਾਰਨ ਪੁਲਿਸ ਪਾਰਟੀ ਵੱਲੋਂ ਉਸਨੂੰ ਕਾਬੂ ਕਰ ਲਿਆ ਗਿਆ ਤਲਾਸ਼ੀ ਦੌਰਾਨ ਸ਼ੱਕੀ ਵਿਅਕਤੀ ਪਾਸੋਂ 3 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰਘੂਨਾਥ ਚੌਕੀਂ ਦੇ ਇੰਚਾਰਜ ਸਬ ਇੰਸਪੈਕਟਰ ਜਸਪਾਲ ਸਿੰਘ ਨੇ ਦੱਸਿਆ ਕਿ ਕਾਬੂ ਕੀਤੇ ਗਏ ਵਿਅਕਤੀ ਦੀ ਪਛਾਣ ਸਦਾਬ ਪੁੱਤਰ ਇਰਸ਼ਾਦ ਅਹਿਮਦ ਵੱਜੋ ਹੋਈ ਹੈ ਜੋ ਕਿ ਉੱਤਰ ਪ੍ਰਦੇਸ਼ ਦੇ ਬਿਜਨੋਰ ਜਿਲ੍ਹਾ ਦੇ ਪਿੰਡ ਨੂਰਪੁਰ ਦਾ ਰਹਿਣ ਵਾਲਾ ਹੈ ਅਤੇ ਹਾਲ ਵਿੱਚ ਉਹ ਲੁਧਿਆਣਾ ਦੇ ਬਾੜੇਵਾਲ ਰੋਡ ਸਥਿਤ ਇੰਦਰਾ ਕਾਲੋਨੀ ਵਿਖੇ ਰਹਿ ਰਿਹਾ ਸੀ ਐਸਆਈ ਜਸਪਾਲ ਸਿੰਘ ਨੇ ਦੱਸਿਆ ਕਿ ਸਦਾਬ ਪਿਛਲੇ 3 ਸਾਲ ਤੋਂ ਨਸ਼ਾ ਕਰਦਾ ਆ ਰਿਹਾ ਹੈ ਅਤੇ ਹੁਣ 3 ਮਹੀਨੇ ਤੋਂ ਉਸਨੇ ਨਸ਼ਾ ਵੇਚਣਾ ਵੀ ਸ਼ੁਰੂ ਕਰ ਦਿੱਤਾ ਸੀ ਉਨ੍ਹਾਂ ਕਿਹਾ ਕਿ ਸਦਾਬ ਨੂੰ ਵੀਰਵਾਰ ਡਿਊਟੀ ਮੈਜਿਸਟਰੇਟ ਕਰਨ ਅੱਗਰਵਾਲ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ ਜਿਸਤੇ ਜੱਜ ਸਾਹਿਬ ਨੇ ਉਸਨੂੰ 30 ਜੂਨ ਤੱਕ ਜੁਡੀਸ਼ੀਅਲ ਰਿਮਾਂਡ ਤੇ ਭੇਜਣ ਦੇ ਆਦੇਸ਼ ਦਿੱਤੇ ਹਨ ਇਸ ਮੋਕੇ ਏ ਐਸ ਆਈ ਸੁਭਾਸ਼ ਰਾਜ ਤੇ ਪੁਲਿਸ ਪਾਰਟੀ ਵੀ ਮੋਜੂਦ ਸਨ।

# ਧਰਮਕੋਟ ਦੇ ਆਮ ਆਦਮੀ ਪਾਰਟੀ ਦੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਸੰਗਰੂਰ ਜ਼ਿਮਨੀ ਚੋਣ ਨੂੰ ਭਖਾਇਆ



**ਮੋਗਾ/ਧਰਮਕੋਟ ਦਵਿੰਦਰ ਸਿੰਘ ਬਿੱਟੂ**

ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਯੋਗ ਰਹਿਨੁਮਾਈ ਹੇਠ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅਮਨ ਪੰਡੋਰੀ ਅਤੇ ਉਨ੍ਹਾਂ ਦੀ ਪੂਰੀ ਟੀਮ ਸੰਗਰੂਰ ਲੋਕ ਸਭਾ ਚੋਣਾ ਚ ਆਮ ਆਦਮੀ ਪਾਰਟੀ ਦੇ ਚੋਣ ਨਿਸ਼ਾਨ ਤੇ ਚੋਣ ਲੜ ਰਹੇ ਉਮੀਦਵਾਰ ਗੁਰਮੇਲ ਸਿੰਘ ਦੇ ਹੱਕ ਵਿੱਚ ਬੜੇ ਹੀ ਜੋਸ਼ੋ ਖਰੋਸ਼ ਦੇ ਨਾਲ ਚੋਣ ਪ੍ਰਚਾਰ ਕਰ ਰਹੇ ਹਨ ਧਰਮਕੋਟ ਦੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਤੇ ਬਲਾਕ ਪ੍ਰਧਾਨ ਅਮਨ ਪੰਡੋਰੀ ਗੁਰਵਿੰਦਰ ਸਿੰਘ ਗੁੱਗੂ ਸਾਬਕਾ ਸਰਪੰਚ ਦਾਤਾ ਸਤਵੀਰ ਸਿੰਘ ਸੱਤੀ ਜਲਾਲਾਬਾਦ ਬਲਦੇਵ ਸਿੰਘ ਬਲਖੰਡੀ ਅਤੇ ਉਨ੍ਹਾਂ ਦੀ ਪੂਰੀ ਟੀਮ ਸੰਗਰੂਰ ਹਲਕੇ ਦੇ ਪਿੰਡਾਂ ਸ਼ੇਰੋ ਉਭਾਵਾਲ ਨਮੋਲ ਭਗਵਾਨਪੁਰਾ ਸਿੰਘਪੁਰਾ ਮਾਡਲ ਟਾਊਨ 1ਮਾਡਲ ਟਾਊਨ 2 ਆਦਿ ਪਿੰਡਾਂ ਵਿੱਚ ਚੋਣ ਮੁਹਿੰਮ ਨੂੰ ਪੂਰੀ ਤਰ੍ਹਾਂ ਭਖਾ ਦਿੱਤਾ ਹੈ ਸੰਗਰੂਰ ਹਲਕੇ ਦੇ ਪਿੰਡਾਂ ਦੇ ਵਿੱਚ ਚੋਣ ਪ੍ਰਚਾਰ ਕਰਦਿਆਂ ਹੋਇਆਂ ਬਲਾਕ ਪ੍ਰਧਾਨ ਅਮਨ ਪੰਡੋਰੀ ਨੇ ਦੇਸ਼ ਸੇਵਕ ਧਰਮਕੋਟ ਦੇ ਪੱਤਰਕਾਰ ਨੂੰ ਫੋਨ ਤੇ ਗੱਲਬਾਤ ਕਰਦਿਆਂ ਹੋਇਆਂ ਦੱਸਿਆ ਕਿ ਕੇ ਸੰਗਰੂਰ ਹਲਕੇ ਦੇ ਵਿੱਚ ਪ੍ਰਚਾਰ ਕਰਦੇ ਹੋਏ ਲੋਕਾਂ ਵੱਲੋਂ ਮਿਲ ਰਹੇ ਭਰਵੇਂ ਹੁੰਗਾਰੇ ਕਾਰਨ ਗੁਰਮੇਲ ਸਿੰਘ ਦੀ ਜਿੱਤ ਯਕੀਨੀ ਹੈ ਅਤੇ ਲੋਕਾਂ ਦੇ ਵਿੱਚ ਆਪ ਦੇ ਹੱਕ ਵਿਚ ਭਾਰੀ ਉਤਸ਼ਾਹ ਵੇਖਿਆ ਜਾ ਰਿਹਾ ਹੈ ਵਿਧਾਨ ਸਭਾ ਹਲਕਿਆਂ ਵਿੱਚ ਚੋਣ ਪ੍ਰਚਾਰ ਕਰਨ ਦੌਰਾਨ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਹਨੇਰੀ ਚੱਲ ਰਹੀ ਹੈ ਆਪ ਉਮੀਦਵਾਰ ਸਰਪੰਚ ਗੁਰਮੇਲ ਸਿੰਘ ਵੱਡੀ ਲੀਡ ਦੇ ਨਾਲ ਜਿੱਤ ਪ੍ਰਾਪਤ ਕਰਨਗੇ ਜਦੋਂ ਕਿ ਅਕਾਲੀ ਦਲ ਅਤੇ ਕਾਂਗਰਸੀ ਉਮੀਦਵਾਰ ਆਪਣੀਆਂ ਜ਼ਮਾਨਤਾਂ ਤਕ ਨਹੀਂ ਬਚਾ ਸਕਣਗੇ ਅਮਨ ਪੰਡੋਰੀ ਨੇ ਕਿਹਾ ਕਿ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਵਿਧਾਨ ਸਭਾ ਚੋਣਾਂ ਸਮੇਂ ਪੰਜਾਬ ਵਾਸੀਆਂ ਨਾਲ ਜੋ ਵਾਅਦੇ ਕੀਤੇ ਸਨ ਉਹ ਉਨ੍ਹਾਂ ਨੂੰ ਵਾਰੀ ਵਾਰੀ ਪੂਰਾ ਕੀਤਾ ਜਾ ਰਿਹਾ ਹੈ ਪਾਰਟੀ ਸੂਬੇ ਦੇ ਲੋਕਾਂ ਦੀਆਂ ਉਮੀਦਾਂ ਤੇ ਖ਼ਰਾ ਉਤਰੇਗੀ।

# ਐਂਟੀ ਬੈਗਿੰਗ ਟਾਸਕ ਫੋਰਸ ਨੇ 10 ਬੱਚੇ ਛੁਡਾਏ



**ਜਲੰਧਰ/ਸੰਜੇ ਰਾਜਪੂਤ**

ਐਂਟੀ ਬੈਗਿੰਗ ਟਾਸਕ ਫੋਰਸ ਵੱਲੋਂ ਵੀਰਵਾਰ ਨੂੰ ਸ਼ਹਿਰ ਦੇ ਵੱਖ-ਵੱਖ ਟ੍ਰੈਫਿਕ ਲਾਈਟ ਪੁਆਇੰਟਾਂ ਤੋਂ ਛੇ ਲੜਕੀਆਂ ਅਤੇ ਚਾਰ ਲੜਕਿਆਂ ਸਮੇਤ 10 ਬੱਚਿਆਂ ਨੂੰ ਛੁਡਾਇਆ ਗਿਆ

ਡੀ.ਸੀ.ਪੀ.ਓ. ਅਜੈ ਭਾਰਤੀ, ਡੀ.ਪੀ.ਓ. ਇੰਦਰਜੀਤ ਕੌਰ, ਥਾਣਾ ਮੁਖੀ ਰਵੇਲ ਸਿੰਘ, ਚਾਈਲਡਲਾਈਨ ਟੀਮ ਦੇ ਮੈਂਬਰਾਂ ਲਵਲੀ, ਹਿਮਾਂਸ਼ੂ ਅਤੇ ਜਸਲੀਨ ਕੌਰ ਦੀ ਅਗਵਾਈ ਵਿੱਚ ਅਧਿਕਾਰੀਆਂ ਦੀ ਟੀਮ ਵੱਲੋਂ ਗੁਰੂ ਨਾਨਕ ਮਿਸ਼ਨ ਚੌਕ, ਨਿੱਕੂ ਪਾਰਕ, ਚੁਨਮੁਨ ਚੌਕ ਅਤੇ ਬੱਸ ਸਟੈਂਡ ਤੋਂ ਬੱਚਿਆਂ ਨੂੰ ਛੁਡਵਾਇਆ ਗਿਆ, ਜੋ ਕਿ ਤਕਰੀਬਨ ਸੱਤ ਤੋਂ ਅਠਾਰਾਂ ਸਾਲ ਦੀ ਉਮਰ ਤੱਕ ਦੇ ਹਨ ਉਪਰੰਤ ਇਨ੍ਹਾਂ ਨੂੰ ਡਾਕਟਰੀ ਜਾਂਚ ਲਈ ਸਿਵਲ ਹਸਪਤਾਲ ਲਿਜਾਇਆ ਗਿਆ

ਇਸ ਤੋਂ ਬਾਅਦ ਇਨ੍ਹਾਂ ਨੂੰ ਬਾਲ ਭਲਾਈ ਕਮੇਟੀ ਦੇ ਸਾਹਮਣੇ ਪੇਸ਼ ਕੀਤਾ ਗਿਆ, ਜਿਸ ਵੱਲੋਂ ਛੇ ਲੜਕੀਆਂ ਨੂੰ ਗਾਂਧੀ ਵਨੀਤਾ ਆਸ਼ਰਮ ਅਤੇ ਚਾਰ ਲੜਕਿਆਂ ਨੂੰ ਹੁਸ਼ਿਆਰਪੁਰ ਦੇ ਚਿਲਡਰਨ ਹੋਮ ਫਾਰ ਬੁਆਇਜ਼ ਵਿਖੇ ਭੇਜ ਦਿੱਤਾ ਗਿਆ ਬੱਚਿਆਂ ਨੂੰ @ਵਿੱਦਿਆ ਪ੍ਰਕਾਸ਼-ਸਕੂਲ ਵਾਪਸੀ ਦਾ ਆਗਾਜ਼@ ਪ੍ਰਾਜੈਕਟ ਤਹਿਤ ਸਿੱਖਿਆ ਪ੍ਰਦਾਨ ਕੀਤੀ ਜਾਵੇਗੀ ਅਤੇ ਹੋਮ ਵਿੱਚ ਰੱਖ ਕੇ ਪੜ੍ਹਾਈ ਨਾਲ ਜੋੜਨ ਦਾ ਉਪਰਾਲਾ ਕੀਤਾ ਜਾਵੇਗਾ ਜੇਕਰ ਕੋਈ ਬੱਚਾ ਕਿਸੇ ਕਿੱਤੇ ਦਾ ਸ਼ੌਂਕ ਰੱਖਦਾ ਹੈ ਤਾਂ ਉਸ ਨੂੰ ਵੋਕੇਸ਼ਨਲ ਟ੍ਰੇਨਿੰਗ ਵੀ ਮੁਹੱਈਆ ਕਰਵਾਈ ਜਾਵੇਗੀ।

Website : www.lokbani.com
lokbani08@gmail.com

# ਨਹਿਰ ਦਾ ਬਨ ਟੁੱਟਣ ਤੇ ਮੌਕੇ ਤੇ ਪਹੁੰਚਕੇ ਵਿਧਾਇਕ ਸੁਖਾਨੰਦ ਨੇ ਬਨ ਦਾ ਕੰਮ ਕਰਵਾਇਆ ਸ਼ੁਰੂ



**ਮੋਗਾ/ਬਾਘਾਪੁਰਾਣਾ/ਦਵਿੰਦਰ ਸਿੰਘ ਬਿੱਟੂ**

ਆਮ ਆਦਮੀ ਪਾਰਟੀ ਦੇ ਹਲਕਾ ਬਾਘਾਪੁਰਾਣਾ ਤੋਂ ਵਿਧਾਇਕ ਅਮ੍ਰਿਤਪਾਲ ਸਿੰਘ ਸੁਖਾਨੰਦ ਨੂੰ ਜਦੋਂ ਪਤਾ ਲਗਿਆ ਕਿ ਚੰਨੂੰਆਨੇ ਵਾਲੀ ਨਹਿਰ ਦਾ ਬਨ ਪਿੰਡ ਉਗੋਕੇ ਨੇੜੇ ਟੁੱਟਗਿਆ ਹੈ ਉਸੇ ਟਾਇਮ ਮੌਕੇ ਤੇ ਪਹੁੰਚਕੇ ਵਨਵਿਭਾਗ ਦੇ ਅਧਿਕਾਰੀਆਂ, S.D.M. ਸਾਬ੍ਹ ਅਤੇ ਹੋਰ ਅਫਸਰਾਂ ਨੂੰ ਬੁਲਾਕੇ ਮੌਕੇ ਤੇ ਜਾਇਜ਼ਾ ਲਿਆ ਅਤੇ ਤੁਰੰਤ ਬਨ ਦਾ ਕੰਮ ਸ਼ੁਰੂ ਕਰਵਾਇਆ ਤਾਂ ਜੋ ਨੇੜਲੇ ਪਿੰਡ ਵਾਸੀਆਂ ਨੂੰ ਹੋਣ ਵਾਲੇ ਨੁਕਸਾਨ ਤੋਂ ਬਚਾਇਆ ਜਾ ਸਕੇ ਲੋਕਾਂ ਦੀ ਸਮੱਸਿਆ ਨੂੰ ਆਪਣੀ ਸਮੱਸਿਆ ਸਮਝਦੇ ਹੋਏ ਪਹੁੰਚੇ ਵਿਧਾਇਕ ਅਮ੍ਰਿਤਪਾਲ ਸੁਖਾਨੰਦ ਨੇ ਕਿਹਾ ਮੈਨੂੰ ਮੇਰੇ ਹਲਕੇ ਦੇ ਲੋਕਾਂ ਨੇ ਵਿਧਾਇਕ ਬਣਾਇਆ ਮੈਂ ਹਮੇਸ਼ਾ ਉਹਨਾਂ ਦੇ ਦੁੱਖ ਸੁੱਖ ਵਿੱਚ ਖੜਾ ਰਹਾਂਗਾ।

ਇਸ ਸਮੇਂ ਆਮ ਆਦਮੀ ਪਾਰਟੀ ਦੇ ਵਲੰਟੀਅਰ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਹੋਣ ਵਾਲੇ ਨੁਕਸਾਨ ਤੋਂ ਬੱਚ ਸਕੇ ਵਿਧਾਇਕ ਨੇ ਸਥਾਨਕ ਲੋਕਾਂ ਦਾ ਇਸ ਮੱਦਦ ਲਈ ਧੰਨਵਾਦ ਕੀਤਾ॥

# ਮੋਹਾਲੀ ਦੀ ਕੈਡਿਟ ਦਿਲਪ੍ਰੀਤ ਕੌਰ ਨੇ NDA ਦੀ ਸਾਂਝੀ ਮੈਰਿਟ ’ਚ 27ਵਾਂ ਸਥਾਨ ਕੀਤਾ ਹਾਸਲ

**ਚੰਡੀਗੜ੍ਹ/ਲੋਕ ਬਾਣੀ**

ਸੂਬੇ ਦਾ ਨਾਂ ਰੌਸ਼ਨ ਕਰਦਿਆਂ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੀਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਮੋਹਾਲੀ ਦੀ ਕੈਡਿਟ ਦਿਲਪ੍ਰੀਤ ਕੌਰ ਨੇ ਦੇਸ਼ ਦੀ ਵੱਕਾਰੀ ਫੌਜੀ ਸਿਖਲਾਈ ਸੰਸਥਾ ਨੈਸ਼ਨਲ ਡਿਫੈਂਸ ਅਕੈਡਮੀ ਦੀ ਲੜਕੇ ਤੇ ਲੜਕੀਆਂ ਦੀ ਆਲ ਇੰਡੀਆ ਸਾਂਝੀ ਮੈਰਿਟ ਦੇ ਪਹਿਲੇ ਬੈਚ ਵਿੱਚ 27ਵਾਂ ਸਥਾਨ ਹਾਸਲ ਕੀਤਾ ਹੈ ਜ਼ਿਕਰਯੋਗ ਹੈ ਉਸ ਨੇ ਪੰਜਾਬ ਵਿੱਚ ਟਾਪਰ ਹੋਣ ਦੇ ਨਾਲ-ਨਾਲ ਕੁਲ ਮਿਲਾ ਕੇ ਚੋਟੀ ਦੇ 4 ਵਿੱਚ ਰੈਂਕ ਵੀ ਪ੍ਰਾਪਤ ਕੀਤਾ ਉਹ ਸੰਗਰੂਰ ਜ਼ਿਲ੍ਹੇ ਵਿੱਚ ਪੈਂਦੇ ਪਿੰਡ ਗੋਬਿੰਦਗੜ੍ਹ ਜੇਜੀਆਂ ਨਾਲ ਸਬੰਧਿਤ ਹੈ।

ਦੱਸਣਯੋਗ ਹੈ ਕਿ ਇਹ ਮੈਰਿਟ ਸਤੰਬਰ 2021 ਨੂੰ ਪਾਸ ਕੀਤੇ ਗਏ ਸੁਪਰੀਮ ਕੋਰਟ ਦੇ ਤਾਜ਼ਾ ਫੈਸਲੇ ਤੋਂ ਬਾਅਦ ਤਿਆਰ ਕੀਤੀ ਗਈ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਕੁੜੀਆਂ ਹੁਣ ਐੱਨ.ਡੀ.ਏ. @ਚ ਸ਼ਾਮਲ ਹੋ ਸਕਦੀਆਂ ਹਨ ਵੇਰਵਿਆਂ ਦਾ ਖੁਲਾਸਾ ਕਰਦਿਆਂ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਦੇ ਡਾਇਰੈਕਟਰ ਜਨਰਲ ਸ਼੍ਰੀਮਤੀ ਦੀਪਤੀ ਉੱਪਲ ਨੇ ਦੱਸਿਆ ਕਿ 2 ਹੋਰ ਲੜਕੀਆਂ ਪ੍ਰਭਸਿਮਰਨ ਕੌਰ ਤੇ ਪੱਲਵੀ ਵੀ ਅੰਤਿਮ ਮੈਰਿਟ ਸੂਚੀ ਦੀ ਉਡੀਕ ਕਰ ਰਹੀਆਂ ਹਨ ਅਤੇ ਉਨ੍ਹਾਂ ਨੂੰ ਏਅਰ ਫੋਰਸ ਅਕੈਡਮੀ @ਚ ਸ਼ਾਮਲ ਹੋਣ ਲਈ ਬੁਲਾਉਣ ਦੀ ਸੰਭਾਵਨਾ ਹੈ।

ਜ਼ਿਕਰਯੋਗ ਹੈ ਕਿ ਐੱਸ.ਏ.ਐੱਸ. ਨਗਰ ਮੋਹਾਲੀ ਵਿਖੇ ਸਥਿਤ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਜੋ ਇਸ ਸਮੇਂ ਸੰਸਥਾਪਕ ਡਾਇਰੈਕਟਰ ਮੇਜਰ ਜਨਰਲ ਆਈ.ਪੀ. ਸਿੰਘ ਵੀ.ਐੱਸ.ਐੱਮ. ਦੀ ਅਗਵਾਈ ਅਧੀਨ ਕਾਰਜਸ਼ੀਲ ਹੈ, ਪੰਜਾਬ ਸਰਕਾਰ ਦਾ ÷ਪ੍ਰਾਈਡ ਆਫ਼ ਪੰਜਾਬ÷ ਉਪਰਾਲਾ ਹੈ ਇਹ ਇੰਸਟੀਚਿਊਟ 2018 ਤੋਂ ਸ਼ਲਾਘਾਯੋਗ ਪ੍ਰਦਰਸ਼ਨ ਕਰ ਰਿਹਾ ਹੈ ਤੇ ਹੁਣ ਤੱਕ 18 ਲੇਡੀ ਕੈਡਿਟ ਪਹਿਲਾਂ ਹੀ ਆਰਮਡ ਫੋਰਸਿਜ਼ ਵਿੱਚ ਕਮਿਸ਼ਨਡ ਅਫ਼ਸਰ ਬਣ ਚੁੱਕੇ ਹਨ।

# ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਖੇਤ ’ਚ ਬੈਠੇ ਨੌਜਵਾਨ ਨੂੰ ਮਾਰੀ ਗੋਲੀ



**ਬੁਢਲਾਡਾ/ਬਰੇਟਾ/ਲੋਕ ਬਾਣੀ**

ਖੇਤ ’ਚ ਬੈਠੇ ਨੌਜਵਾਨ ਦੇ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀ ਮਾਰ ਕੇ ਜ਼ਖਮੀ ਕਰਨ ਦਾ ਸਮਾਚਾਰ ਮਿਲਿਆ ਹੈ, ਜਿਸ ਨੂੰ ਸਰਕਾਰੀ ਹਸਪਤਾਲ ਬੁਢਲਾਡਾ ਵਿਖੇ ਦਾਖਲ ਕਰਵਾਇਆ ਗਿਆ ਹੈ ਜਾਣਕਾਰੀ ਅਨੁਸਾਰ ਬਹਾਦਰਪੁਰ ਡਸਕਾ ਲਿੰਕ ਰੋਡ ’ਤੇ ਹਰਦੀਪ ਦੀ ਮੋਟਰ ’ਤੇ ਕੁਲਦੀਪ ਯਾਦਵ (35) ਪੁੱਤਰ ਕ੍ਰਿਸ਼ਨ ਯਾਦਵ ਵਾਸੀ ਪਿੰਡ ਉਕਲਾਨਾ (ਹਿਸਾਰ) ਆਪਣੀ ਮਾਸੀ ਦੇ ਪੁੱਤ ਕੋਲ ਬੈਠਾ ਸੀ 2 ਅਣਪਛਾਤੇ ਮੋਟਰਸਾਈਕਲ ਸਵਾਰ ਜਿਨ੍ਹਾਂ ਨੇ ਮੂੰਹ ’ਤੇ ਕੱਪੜਾ ਬੰਨ੍ਹਿਆ ਹੋਇਆ ਸੀ, ਨੇ ਕੁਲਦੀਪ ’ਤੇ ਗੋਲੀ ਚਲਾ ਦਿੱਤੀ, ਜੋ ਉਸ ਦੇ ਪੱਟ ਵਿੱਚ ਜਾ ਲੱਗੀ॥

ਜ਼ੇਰੇ ਇਲਾਜ ਕੁਲਦੀਪ ਨੇ ਦੱਸਿਆ ਕਿ ਮੁਲਜ਼ਮ ਦੂਸਰੀ ਗੋਲੀ ਚਲਾਉਣ ਲੱਗੇ ਸਨ ਪਰ ਚੱਲ ਨਹੀਂ ਸਕੀ ਮੌਕੇ ’ਤੇ ਐੱਸ.ਐੱਚ.ਓ. ਸਿਟੀ ਗੁਰਲਾਲ ਸਿੰਘ ਨੇ ਪੁਲਸ ਪਾਰਟੀ ਸਮੇਤ ਪਹੁੰਚ ਕੇ ਪੀੜਤ ਦੇ ਬਿਆਨ ਦੇ ਆਧਾਰ ’ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਉਧਰ ਐੱਸ.ਐੱਚ.ਓ. ਬਰੇਟਾ ਨੇ ਮੌਕੇ ’ਤੇ ਘਟਨਾ ਵਾਲੀ ਥਾਂ @ਤੇ ਪਹੁੰਚ ਕੇ ਜਾਇਜ਼ਾ ਲਿਆ ਹਮਲੇ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ ਹਮਲਾਵਰ ਫਰਾਰ ਦੱਸੇ ਜਾ ਰਹੇ ਹਨ।

# ਆਪ ਦੀ ਸਰਕਾਰ ਬਣਨ ਤੋਂ ਬਾਅਦ ਖੁਸਹਾਲੀ ਵਾਲਾ ਦੌਰ ਸ਼ੁਰੂ ਹੋਇਆ : ਮਾਹਲਾ



**ਕਪੂਰਥਲਾ/ਲੋਕ ਬਾਣੀ**

ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਖੁਸਹਾਲੀ ਵਾਲਾ ਦੌਰ ਆਰੰਭ ਹੋਇਆ ਹੈ। 75 ਸਾਲਾਂ ਵਿਚ ਰਵਾਇਤੀ ਪਾਰਟੀਆਂ ਦੇਸ ਨੂੰ ਲੁੱਟ ਕੇ ਖਾ ਗਈਆ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਪਰਮਜੀਤ ਸਿੰਘ ਮਾਹਲਾ ਜ਼ਿਲਾ ਪ੍ਰਧਾਨ ਐਸ ਸੀ ਵਿੰਗ ਨੇ ਆਖਿਆ ਕਿ ਹੁਣ ਪੰਜਾਬ ਵਿੱਚ ਅਜਿਹੀ ਲੁੱਟ ਬੰਦ ਹੋ ਜਾਵੇਗੀ। ਲੋਕਾਂ ਨੂੰ ਲੋਕਾਂ ਦਾ ਰਾਜ ਮਿਲੇਗਾ। ਉਹਨਾਂ ਦੱਸਿਆ ਕਿ ਅਰਵਿੰਦ ਕੇਜਰੀਵਾਲ ਅਤੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਇੰਚਾਰਜ ਭੁਲੱਥ ਸਰਦਾਰ ਰਣਜੀਤ ਸਿੰਘ ਰਾਣਾ ਦੀ ਅਗਵਾਈ ਹੇਠ ਪਿੰਡ ਮੁਗਲਚੱਕ ਦੇ ਵਿਚ ਮਨਰੇਗਾ ਅਧੀਨ ਪਿੰਡ ਦੇ ਵਿਕਾਸ ਕਾਰਜਾਂ ਨੂੰ ਅਰੰਭ ਕਰਵਾਇਆ। ਉਹਨਾਂ ਆਖਿਆ ਜੋ ਕਿ ਪਿਛਲੀ ਸਰਕਾਰ ਦੇ ਸਮੇਂ ਡੇਢ ਸਾਲ ਤੋਂ ਬੰਦ ਪਈ ਮਨਰੇਗਾ ਅੱਜ ਸੁਰੂ ਹੋਈ ਹੈ। ਇਸ ਮੌਕੇ ਪਰਮਜੀਤ ਸਿੰਘ ਮਾਹਲਾ ਨੇ ਲੱਡੂ ਵੰਡ ਕੇ ਮਨਰੇਗਾ ਦਾ ਕੰਮ ਸ਼ੁਰੂ ਕਰਵਾਇਆ। ਉਹਨਾਂ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਲੋਕਾਂ ਦੇ ਵਿੱਚ ਬਹੁਤ ਹੀ ਖ਼ੁਸ਼ਹਾਲੀ ਭਰਿਆ ਮਾਹੌਲ ਨਜ਼ਰ ਆ ਰਿਹਾ ਹੈ। ਆਉਂਦੇ ਪੰਜ ਸਾਲਾਂ ਵਿਚ ਪੰਜਾਬ ਇਕ ਨਵੇਂ ਮੁਕਾਮ ਤੇ ਖੜਾ ਹੋਵੇਗਾ। ਇਸ ਮੌਕੇ ਮੌਕੇ ਤੇ ਸੁਖਦੇਵ ਰਾਜ ਸਿੰਘ ਮਨਰੇਗਾ ਸੈਕਟਰੀ ਨੇ ਮਨਰੇਗਾ ਵਰਕਰਾਂ ਨੂੰ ਦੱਸਿਆ ਕਿ ਮਨਰੇਗਾ ਦੇ ਵਿਚ ਕੋਈ ਵੀ ਕਿਸੇ ਵੀ ਪ੍ਰਕਾਰ ਦੀ ਅਣਗਹਿਲੀ ਨਹੀਂ ਵਰਤੀ ਜਾਏਗੀ ਅਤੇ ਨਾ ਹੀ ਕੋਈ ਹੇਰਾ ਫੇਰੀ ਕੀਤੀ ਜਾਏਗੀ ਨਾ ਹੋਣ ਦਿਆਂਗੇ। ਉਨ ੍ਹਾਂ ਨੇ ਕਿਹਾ ਕਿ ਆਪਣੇ ਹਲਕੇ ਦੇ ਇੰਚਾਰਜ ਰਣਜੀਤ ਸਿੰਘ ਰਾਣਾ ਬਹੁਤ ਹੀ ਇੱਕ ਸੂਝਵਾਨ ਅਤੇ ਇਮਾਨਦਾਰ ਲੀਡਰ ਹਨ। ਉਹਨਾਂ ਦੀ ਅਗਵਾਈ ਹੇਠ ਪਿੰਡ ਦੇ ਵਿਕਾਸ ਕਾਰਜਾਂ ਨੂੰ ਤੇਜ ਕੀਤਾ ਜਾਵੇਗਾ। ਇਸ ਮੌਕੇ ਪੰਚਾਇਤ ਮੈਂਬਰ ਮੰਗਲ ਸਿੰਘ, ਮੰਗਲ ਸਿੰਘ ਮਨਰੇਗਾ ਸੈਕਟਰੀ ਮਨਰੇਗਾ ਮੇਰਟ ਸਰਬਜੀਤ ਕੌਰ ਆਦਿ ਹਾਜਰ ਸਨ।

# ਸੰਯੁਕਤ ਕਿਸਾਨ ਮੋਰਚਾ ਜਿਲ੍ਹਾ ਮੋਗਾ ਦੀਆਂ ਜਥੇਬੰਦੀਆਂ ਵੱਲੋਂ ਮੂੰਗੀ ਅਤੇ ਮੱਕੀ ਦੀ ਐਮ ਐਸ ਪੀ ਨੂੰ ਯਕੀਨੀ ਬਣਾਉਣ ਲਈ ਐਸ ਡੀ ਐਮ ਧਰਮਕੋਟ ਨੂੰ ਦਿੱਤਾ ਮੰਗ ਪੱਤਰ



**ਮੋਗਾ/ਦਵਿੰਦਰ ਸਿੰਘ ਬਿੱਟੂ**

ਅੱਜ ਸੰਯੁਕਤ ਕਿਸਾਨ ਮੋਰਚਾ ਜਿਲ੍ਹਾ ਮੋਗਾ ਦੀਆਂ ਜਥੇਬੰਦੀਆਂ ਵੱਲੋਂ ਮੂੰਗੀ ਅਤੇ ਮੱਕੀ ਦੀ ਐਮ ਐਸ ਪੀ ਨੂੰ ਯਕੀਨੀ ਬਣਾਉਣ ਲਈ ਐਸ ਡੀ ਐਮ ਧਰਮਕੋਟ ਨੂੰ ਮੰਗ ਪੱਤਰ ਪੱਤਰ ਦਿੱਤਾ ਗਿਆ,ਇਸ ਮੌਕੇ ਸੁੱਖ ਗਿੱਲ ਤੋਤਾ ਸਿੰਘ ਵਾਲਾ ਜਿਲ੍ਹਾ ਪ੍ਰਧਾਨ ਯੂਥ ਵਿੰਗ ਬੀਕੇਯੂ ਪੰਜਾਬ ਅਤੇ ਸੂਰਤ ਸਿੰਘ ਕਾਮਰੇਡ ਨੇ ਬੋਲਦਿ ਆਂ ਕਿਹਾ ਕੇ ਅਸੀ ਸੰਯੁਕਤ ਕਿਸਾਨ ਮੋਰਚੇ ਨਾਲ ਸਬੰਧਤ ਪੰਜਾਬ ਦੀਆਂ 22 ਕਿਸਾਨ ਜਥੇਬੰਦੀਆਂ ਪੰਜਾਬ ਸਰਕਾਰ ਨੂੰ ਕਿਸਾਨਾਂ ਦੀ ਹੋ ਰਹੀ ਖੱਜਲ-ਖੁਆਰੀ ਦਾ ਤੁਰੰਤ ਹੱਲ ਕਰਨ ਲਈ ਹੇਠ ਲਿਖੀਆਂ ਮੰਗਾਂ ਨੂੰ ਫੌਰੀ ਹੱਲ ਕਰਨ ਦੀ ਮੰਗ ਕਰਦੇ ਹਾਂ

1.ਪੰਜਾਬ ਸਰਕਾਰ ਵਲੋਂ ਮੂੰਗੀ ਦੀ ਖਰੀਦ ਕਰਨ ਦੇ ਐਲਾਨ ਨੂੰ ਮੰਡੀਆਂ ਵਿੱਚ ਕੇਂਦਰ ਵਲੋਂ ਨਿਰਧਾਰਤ ਐਮ ਐਸ ਪੀ ਅਨੁਸਾਰ ਖਰੀਦ ਕਰਕੇ ਅਮਲੀ ਜਾਮਾ ਪਹਿਨਾਇਆ ਜਾਵੇ

2.ਮੂੰਗੀ ਦੀ ਖਰੀਦ ਸਬੰਧੀ ਫ਼ਰਦ, ਏਕੜ ਪ੍ਰਤੀ 5 ਕੁਇੰਟਲ ਕੋਟਾ ਫਿਕਸ ਕਰਨ ਸਮੇਤ ਲਾਈਆਂ ਕਿਸਾਨ ਮਾਰੂ ਬੇਲੋੜੀਆਂ ਸ਼ਰਤਾਂ ਫੌਰੀ ਹਟਾ ਕੇ ਦਾਣਾ ਦਾਣਾ ਖਰੀਦਿਆ ਜਾਣਾ ਯਕੀਨੀ ਬਣਾਇਆ ਜਾਵੇ

3.ਮੱਕੀ ਕਾਸ਼ਤਕਾਰਾਂ ਦੀ ਫ਼ਸਲ ਨੂੰ ਐਮ ਐਸ ਪੀ ਤੇ ਖਰੀਦ ਦੀ ਗਾਰੰਟੀ ਕੀਤੀ ਜਾਵੇ

4.ਪੰਜਾਬ ਦੇ ਸਾਰੇ ਇਲਾਕਿਆਂ ਵਿਚ ਸੂਏ, ਕੱਸੀਆਂ ਅਤੇ ਰਜਬਾਹਿਆਂ ਨੂੰ ਸੁਚਾਰੂ ਢੰਗ ਨਾਲ ਪਾਣੀ ਛੱਡ ਕੇ ਤੁਰੰਤ ਚਲਾਇਆ ਜਾਵੇ ਹਰ ਇਲਾਕੇ ਨੂੰ ਬੱਣਦਾ ਨਹਿਰੀ ਪਾਣੀ ਦੇਣ ਦੀ ਵਿਵਸਥਾ ਦੀ ਸਖਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ। ਪੰਜਾਬ ਸਰਕਾਰ ਵਲੋਂ ਫ਼ਸਲੀ ਵਿਭਿੰਨਤਾ ਦੇ ਪ੍ਰੋਗਰਾਮ ਨੂੰ ਮੁੱਖ ਰੱਖਦਿਆਂ ਉਪਰੋਕਤ ਮੰਗਾਂ ਨੂੰ ਪੂਰਾ ਕਰਨਾ ਬੇਹੱਦ ਜ਼ਰੂਰੀ ਹੈ ਨਹੀ ਤਾਂ ਸਰਕਾਰ ਦੇ ਫ਼ਸਲੀ ਵਿਭਿੰਨਤਾ ਦੇ ਦਾਅਵਿਆਂ ਦੀ ਭਰੋਸੇਯੋਗਤਾ ਉੱਪਰ ਗੰਭੀਰ ਸਵਾਲ ਖੜੇ ਹੋ ਜਾਣਗੇ ਉਮੀਦ ਹੈ ਪੰਜਾਬ ਸਰਕਾਰ ਤੁਰੰਤ ਧਿਆਨ ਦੇ ਕੇ ਉਪਰੋਕਤ ਮੰਗਾਂ ਨੂੰ ਹੱਲ ਕਰੇਗੀ,ਇਸ ਮੌਕੇ ਸੰਯੁਕਤ ਕਿਸਾਨ ਮੋਰਚਾ ਚ ਸ਼ਾਮਲ ਜਥੇਬੰਦੀਆਂ ਦੇ ਆਗੂ ਸੁੱਖਾ ਸਿੰਘ ਵਿਰਕ,ਜਥੇਦਾਰ ਸਤਨਾਮ ਸਿੰਘ ਲੋਹਗੜ੍ਹ,ਫਤਿਹ ਸਿੰਘ ਭਿੰਡਰ,ਰਛਪਾਲ ਸਿੰਘ ਭਿੰਡਰ,ਜਰਨੈਲ ਸਿੰਘ ਲੋਹਗੜ੍ਹ,ਅਵਤਾਰ ਸਿੰਘ ਸੈਦਮੁਹੰਮਦ,ਜਰਨੈਲ ਸਿੰਘ ਕੋਟ ਈਸੇ ਖਾਂ,ਗੁਰਦਿਆਲ ਸਿੰਘ ਘਾਲੀ ਆਦਿ ਕਿਸਾਨ ਹਾਜਰ ਸਨ!

## ਅੱਜ ਦਾ ਵਿਚਾਰ



ਦੁਨੀਆਂ ਵਿੱਚ ਸਭ ਤੋਂ
ਸਸਤੀ ਸਲਾਹ ਹੈ ਇਕ
ਕੋਲੋਂ ਮੰਗੋ ਹਜ਼ਾਰਾਂ ਕੋਲੋਂ
ਮਿਲੂਗੀ ਤੇ ਵੀਰ ਜੀ ਸੱਬ
ਤੋ ਮਹਿੰਗਾ ਸਹਿਯੋਗ ਹੈ
ਹਜ਼ਾਰਾਂ ਕੋਲੋਂ ਮੰਗੋ ਕਿਸੇ
ਵਿਰਲੇ ਕੋਲੋਂ ਮਿਲੂਗਾ ਜੀ
ਦਿਲ ਵੱਡਾ ਰੱਖੋ ਸੋਚ ਵੱਡੀ
ਰੱਖੋ ਕਦੇ ਕਿਸੇ ਦਾ ਬੁਰਾ ਨਾ
ਸੋਚੋ ਪਰਮਾਤਮਾ ਤੁਹਾਡੇ ਨਾਲ
ਕਦੇ ਮਾੜਾ ਨਹੀਂ ਹੋਣ ਦੇਵੇਗਾ
.ਰਵਦੀਪ ਸਿੰਘ ਬਰਾੜ ਘੋਨੀਵਾਲਾ
ਸੇਖ ਕੁਲੈਕਸਨ ਗੋਲੇਵਾਲਾ ਫਰੀਦਕੋਟ
...ਸੰਪਰਕ ਨੰ..7087400351
**ਪੱਤਰਕਾਰ ਜਸਵਿੰਦਰ ਸਿੰਘ ਬਰਾੜ**
**ਸਾਧਾਵਾਲਾ ਫਰੀਦਕੋਟ ਸੰਪਰਕ**
**9517660002**

# ਅਧਿਆਪਕਾਂ ਦਾ ਵਿਦਿਆਰਥੀਆਂ ਦਾ ਭਵਿੱਖ ਬਣਾਉਣ ਵਿੱਚ ਸਭ ਤੋਂ ਵੱਡਾ ਯੋਗਦਾਨ-ਡੀ ਸੀ ਰੰਧਾਵਾ

## ਕੋਟ ਰਾਂਝਾ ਵਿਖੇ ਜ਼ਿਲ੍ਹਾ ਪੱਧਰੀ ਅਧਿਆਪਕ ਸਨਮਾਨ ਸਮਾਗਮ ਵਿੱਚ ਕੀਤੀ ਸ਼ਿਰਕਤ



ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਅਧਿਆਪਕਾਂ ਨੂੰ ਸਰਵੋਤਮ ਮਾਨਵੀ ਗੁਰੂ ਦਾ ਦਰਜਾ ਦਿੰਦਿਆਂ ਕਿਹਾ ਕਿ ਇੱਕ ਚੰਗਾ ਅਧਿਆਪਕ ਆਪਣੇ ਵਿਦਿਆਰਥੀ ਅੰਦਰਲੀ ਪ੍ਰਤਿਭਾ ਨੂੰ ਤ੍ਰਾਸ਼ ਕੇ, ਉਸ ਨੂੰ ਕਿਸੇ ਵੀ ਉੱਚੇ ਸਥਾਨ ’ਤੇ ਪਹੁੰਚਾ ਸਕਦਾ ਹੈ ਇੱਥੋਂ ਨੇੜੇ ਸਰਕਾਰੀ ਹਾਈ ਸਕੂਲ ਕੋਟ ਰਾਂਝਾ ਵਿਖੇ ਜ਼ਿਲ੍ਹੇ ਦੇ ਪ੍ਰਤਿਭਾਵਾਨ ਅਧਿਆਪਕਾਂ ਦੇ ਜ਼ਿਲ੍ਹਾ ਪੱਧਰੀ ਸਨਮਾਨ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਡੀ ਸੀ ਰੰਧਾਵਾ ਨੇ ਕਿਹਾ ਕਿ ਇਨਸਾਨ ਭਾਵੇਂ ਆਪਣੇ ਜੀਵਨ ਵਿੱਚ ਕੌਮੀ ਜਾਂ ਕੌਮਾਤਰੀ ਪੱਧਰ ਦੇ ਕਿਸੇ ਵੀ ਅਹੁਦੇ ’ਤੇ ਪੁੱਜ ਜਾਵੇ ਪਰ ਆਪਣੇ ਆਦਰਸ਼ ਅਧਿਆਪਕਾਂ ਸਾਹਵੇਂ ਉਸ ਦਾ ਸਿਰ ਹਮੇਸ਼ਾਂ ਸਤਿਕਾਰ ਵਿੱਚ ਝੁਕ ਜਾਂਦਾ ਹੈ ਉਨ੍ਹਾਂ ਆਪਣੀ ਉਦਾਹਰਣ ਦਿੰਦਿਆਂ ਕਿਹਾ ਕਿ ਅੱਜ ਉਹ ਪ੍ਰਸ਼ਾਸਕੀ ਸੇਵਾਵਾਂ ਵਿੱਚ ਜਿਸ ਵੀ ਥਾਂ ’ਤੇ ਹਨ, ਉਹ ਆਪਣੇ ਅਧਿਆਪਕਾਂ ਵੱਲੋਂ ਦਿੱਤੀ ਯੋਗ ਅਗਵਾਈ ਦੇ ਬਲਬੂਤੇ ਹੀ ਹਨ ਉਨ੍ਹਾਂ ਕਿਹਾ ਕਿ ਅਦਿਆਪਕ ਅਤੇ ਵਿਦਿਆਰਥੀ ਦਾ ਰਿਸ਼ਤਾ ਏਨਾ ਉੱਚਾ ਤੇ ਸੁੱਚਾ ਹੋਣਾ ਚਾਹੀਦਾ ਹੈ ਕਿ ਇਸ ਵਿੱਚ ਕਿਸੇ ਵੀ ਤਰ੍ਹਾਂ ਦਾ ਸਵਾਰਥ ਨਹੀਂ ਲੁਕਿਆ ਹੋਣਾ ਚਾਹੀਦਾ ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਅਧਿਆਪਕਾਂ ਦਾ ਸਾਡੀ ਸਫ਼ਲਤਾ ਵਿੱਚ ਪਾਇਆ ਯੋਗਦਾਨ, ਕਦੇ ਵੀ ਭੁੱਲਣਾ ਨਹੀਂ ਚਾਹੀਦਾ ਉਨ੍ਹਾਂ ਇਸ ਮੌਕੇ ਜ਼ਿਲ੍ਹਾ ਸਿੱਖਿਆ ਦਫ਼ਤਰ (ਸੈਕੰਡਰੀ) ਵੱਲੋਂ ਬਹੁਤ ਹੀ ਮੇਹਨਤ ਨਾਲ ਤਿਆਰ ਕਰਵਾਏ ਜ਼ਿਲ੍ਹਾ ਪੱਧਰੀ ਮੈਗਜ਼ੀਨ ‘ਤੇਈ ਮਾਰਚ’ ਦਾ ਲੋਕ ਅਪਰਣ ਕਰਦਿਆਂ ਕਿਹਾ ਕਿ ਜ਼ਿਲ੍ਹਾ ਸਿਖਿਆ ਦਫ਼ਤਰ ਵੱਲੋਂ ਅਧਿਆਪਕਾਂ ਅਤੇ ਵਿਦਿਆਰਥੀਆਂ ਦੀਆਂ ਰਚਨਾਵਾਂ ਅਤੇ ਸਕੂਲ ਗਤੀਵਿਧੀਆਂ ’ਤੇ ਆਧਾਰਿਤ ਇਹ ਸਾਂਭਣਯੋਗ ਦਸਤਾਵੇਜ਼ ਹੈ ਉਨ੍ਹਾਂ ਇਸ ਉਪਲਬਧੀ ਲਈ ਜ਼ਿਲ੍ਹਾ ਸਿਖਿਆ ਅਫ਼ਸਰ (ਸੈਕੰਡਰੀ) ਕੁਲਵਿੰਦਰ ਸਿੰਘ ਸਰਾਏ ਨੂੰ ਵਧਾਈ ਦਿੱਤੀ ਡਿਪਟੀ ਕਮਿਸ਼ਨਰ ਵੱਲੋਂ ਇਸ ਮੌਕੇ ਆਪਣੀਆਂ ਵਿਸ਼ੇਸ਼ ਉਪਲਬਧੀਆਂ ਲਈ ਸਨਮਾਨਿਤ ਕੀਤੇ ਗਏ ਅਪਰ ਪ੍ਰਾਇਮਰੀ ਸਕੂਲਾਂ ਦੇ ਸਟਾਫ਼ ਵਿੱਚ ਨਰਿੰਦਰ ਪਾਲ ਵਰਮਾ, ਆਤਮਜੀਤ ਸਿੰਘ, ਵਿਜੈ ਕੁਮਾਰ, ਗੁਰਪ੍ਰੀਤ ਸਿੰਘ, ਅਮਨਪ੍ਰੀਤ ਸਿੰਘ ਜੌਹਰ, ਸੁਖਵਿੰਦਰ ਕੁਮਾਰ, ਸੁਰਿੰਦਰ ਪਾਲ ਅਗਨੀਹੋਤਰੀ, ਰਜਨੀਸ਼ ਕੁਮਾਰ, ਪਰਮਜੀਤ ਕੌਰ, ਅਲਕਾ ਰਾਣੀ, ਬਲਜਿੰਦਰ ਸਿੰਘ, ਰਵਿੰਦਰ ਕੌਰ, ਰਾਜੇਸ਼ ਕੁਮਾਰ, ਰਣਜੀਤ ਕੌਰ, ਵਰਿੰਦਰ ਕੁਮਾਰ, ਨਿਸ਼ੀ ਕਾਮਰਾ, ਸੰਦੀਪ ਵਰਮਾ, ਨਰਿੰਦਰ ਪਾਲ ਸਿੰਘ, ਤਜਿੰਦਰ ਸ਼ਰਮਾ, ਅਮਰਜੀਤ ਖਟਕੜ, ਕਮਲਜੀਤ ਕੌਰ ਗਿੱਲ (ਸਾਰੇ ਪ੍ਰਿੰਸੀਪਲ), ਸੁਖਵਿੰਦਰ ਕੁਮਾਰ, ਲਖਵੀਰ ਸਿੰਘ, ਗੁਰਪ੍ਰੀਤ ਸਿੰਘ, ਸਰਵਣ ਸਿੰਘ, ਨੀਲਮ ਕੁਮਾਰੀ, ਨੀਲਮ ਰਾਣੀ, ਸੁਨੀਤਾ ਰਾਣੀ (ਸਾਰੇ ਸਕੂਲ ਮੁਖੀ), ਅਧਿਆਪਕਾਂ, ਲਾਇਬ੍ਰੇਰੀ ਅਟੈਂਡੈਂਟ ਅਤੇ ਦਰਜਾ ਚਾਰ ਕਰਮਚਾਰੀ ਸਮੇਤ ਕੁੱਲ 75 ਕਰਮਚਾਰੀ ਸ਼ਾਮਿਲ ਸਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਨਮਾਨ ਹਾਸਲ ਕਰਨ ਵਾਲੇ ਅਧਿਆਪਕ ਤੇ ਸਟਾਫ਼ ਦੂਸਰਿਆਂ ਲਈ ਪ੍ਰੇਰਨਾਸ੍ਰੋਤ ਸਾਬਤ ਹੋਣਗੇ ਅਤੇ ਉਨ੍ਹਾਂ ਨੂੰ ਪੂਰਣ ਆਸ ਹੈ ਕਿ ਅਗਲੀ ਵਾਰ ਇਹ ਸਨਮਾਨ ਹਾਸਲ ਕਰਨ ਵਾਲਿਆਂ ਵਿੱਚ ਜਿਹੜੇ ਰਹਿ ਗਏ ਹਨ, ਉਹ ਸਭ ਤੋਂ ਅੱਗੇ ਹੋਣਗੇ ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਅਮਰੀਕ ਸਿੰਘ, ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਹਰਕੰਵਲਜੀਤ ਸਿੰਘ, ਪ੍ਰਮੋਦ ਭਾਰਤੀ, ਮੈਗਜ਼ੀਨ ਦੇ ਸੰਪਾਦਕ ਅਜਮੇਰ ਸਿੱਧੂ, ਨਿਰਮਲ ਨਵਾਂਗਰਾਈਂ, ਸੁਰਜੀਤ ਪਾਲ, ਕਪਿਲ ਦੁੱਗਲ, ਅਸ਼ਵਨੀ ਮੁਰਗਈ, ਸਰਬਜੀਤ ਕੌਰ, ਰਾਜਵਿੰਦਰ ਕੌਰ, ਕੁਲਦੀਪ ਲਾਲ, ਗੁਰਦੇਵ ਕੌਰ, ਸਰਪੰਚ ਸੁਰਿੰਦਰ ਪਾਲ, ਜਰਨੈਲ ਰਾਮ, ਹਰਭਜਨ ਸਿਘ ਆਦਿ ਵੀ ਹਾਜਰ ਸਨ।

Website : www.lokbani.com
lokbani08@gmail.com

# ਨੌਰਾ ਵਾਸੀ ਵਿਅਕਤੀ ਤੋ 10 ਲੱਖ ਰੁਪਏ ਦੀ ਫਰੌਤੀ ਮੰਗਣ ਵਾਲਾ ਯੂ .ਪੀ . ਵਾਸੀ ਦੋਸ਼ੀ ਪਿਸਟਲ ਸਮੇਤ ਕਾਬੂ



ਜਖਮੀ ਸੀਨੀਅਰ ਸਿਪਾਹੀ ਮਨਦੀਪ ਸਿੰਘ ਇਲਾਜ ਲਈ ਲੁਧਿਆਣਾ ਹਸਪਤਾਲ ਦਾਖਲ, ਹਾਲਤ ਖਤਰੇ ਤੋ ਬਾਹਰ ਸੀਨੀਅਰ ਪੁਲਿਸ ਕਪਤਾਨ ਸਹੀਦ ਭਗਤ ਸਿੰਘ ਨਗਰ ਡਾ: ਸੰਦੀਪ ਕੁਮਾਰ ਸਰਮਾ ਜੀ ਵੱਲੋ ਅੱਜ ਇੱਥੇ ਇੱਕ ਪ੍ਰੈਸ ਕਾਨਫਰੰਸ ਰਾਹੀ ਜਾਣਕਾਰੀ ਦਿੰਦੇ ਹੋਏ ਦੱਸਿਆ ਕੱਲ ਮਿਤੀ 15.06.2022 ਨੂੰ ਸਹੀਦ ਭਗਤ ਸਿੰਘ ਨਗਰ ਪੁਲਿਸ ਵੱਲੋ ਉਪ ਕਪਤਾਨ ਪੁਲਿਸ ਬੰਗਾ ਦੀ ਅਗਵਾਈ ਵਿੱਚ ਕੀਤੇ ਗਏ ਆਪਰੇਸਨ ਦੌਰਾਨ ਨੌਰਾ ਵਾਸੀ ਇੱਕ ਵਿਅਕਤੀ ਤੋ 10 ਲੱਖ ਦੀ ਫਿਰੌਤੀ ਮੰਗਣ ਵਾਲੇ ਯੂ.ਪੀ. ਵਾਸੀ ਨੋਮਾਨ ਉਰਫ ਨੌਸਾਦ ਰਮਜਾਨੀ ਨੂੰ ਸਮੇਤ ਪਿਸਟਲ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ ਇਸ ਆਪਰੇਸਨ ਦੌਰਾਨ ਸੀਨੀਅਰ ਸਿਪਾਹੀ ਮਨਦੀਪ ਸਿੰਘ ਥਾਣਾ ਸਦਰ ਬੰਗਾ ਨੇ ਬਹੁਤ ਬਹਾਦੁਰੀ ਨਾਲ ਦੋਸੀ ਦਾ ਸਾਹਮਣਾ ਕਰਦੇ ਹੋਏ ਉਸ ਵੱਲੋ ਚਲਾਈ ਗੋਲੀ ਨਾਲ ਜਖਮੀ ਹੋਣ ਦੇ ਬਾਵਜੂਦ ਉਸਨੂੰ ਕਾਬੂ ਕਰਕੇ ਰੱਖਿਆ ਇਸ ਸਬੰਧੀ ਅਗਲੇਰੀ ਜਾਣਕਾਰੀ ਦਿੰਦੇ ਹੋਏ ਉਹਨਾਂ ਦੱਸਿਆ ਕਿ ਅਮਰਜੀਤ ਸਿੰਘ ਪੁੱਤਰ ਧਿਆਨ ਚੰਦ ਵਾਸੀ ਨੌਰਾ ਥਾਣਾ ਸਦਰ ਬੰਗਾ ਜੋ *93 ਦਾ ਅਡਵਾਈਜਰ ਹੈ ਜਿਸ ਦਾ ਦਫਤਰ ਬੱਸ ਸਟੈਂਡ ਨੌਰਾ ਵਿਖੇ ਹੈ ਇਸ ਨੇ ਮਿਤੀ 15-06-2022 ਨੂੰ ਇੰਸਪੈਕਟਰ ਰਾਜੀਵ ਕੁਮਾਰ ਮੁੱਖ ਅਫਸਰ ਥਾਣਾ ਸਦਰ ਬੰਗਾ ਨੂੰ ਇਤਲਾਹ ਦਿੱਤੀ ਕਿ ਮਿਤੀ 19-05-22 ਨੂੰ ਉਸ ਨੂੰ ਇੱਕ ਚਿੱਠੀ ਅੰਗਰੇਜੀ ਵਿੱਚ ਟਾਈਪ ਕੀਤੀ ਹੋਈ ਮਿਲੀ ਜਿਸ ਵਿੱਚ ਉਸ ਪਾਸੋ 10 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਗਈ ਅਤੇ ਇਸ ਸਬੰਧੀ ਪੈਸੇ ਤਿਆਰ ਹੋਣ ਤੇ ਨਿਸਾਨੀ ਦੇ ਤੌਰ ਤੇ ਆਪਣੀ ਦੁਕਾਨ ਤੇ ਹਰਾ ਝੰਡਾ ਲਗਾਉਣ ਸਬੰਧੀ ਲਿਖਿਆ ਗਿਆ ਸੀ ਅਤੇ ਫਿਰੌਤੀ ਮੰਗਣ ਵਾਲੇ ਨੇ ਉਸਨੂੰ ਧਮਕੀ ਦਿੰਦੇ ਹੋਏ ਕਿਹਾ ਹੈ ਕਿ ਜੇਕਰ ਇਸ ਸਬੰਧੀ ਪੁਲਿਸ ਨੂੰ ਇਤਲਾਹ ਕੀਤੀ ਤਾਂ ਉਸ ਦੇ ਮੁੰਡੇ ਨੂੰ ਮਾਰ ਦਿੱਤਾ ਜਾਵੇਗਾ ਇਸ ਸਬੰਧੀ ਫਿਰੌਤੀ ਮੰਗਣ ਵਾਲੇ ਨੇ ਅਮਰਜੀਤ ਸਿੰਘ ਨੂੰ ਡਰਾਵਾ ਦਿੰਦੇ ਹੋਏ ਕਿਹਾ ਕਿ ਉਸਨੇ ਇਸ ਤਰਾਂ ਹੀ ਪਹਿਲਾਂ ਵੀ ਉਸਦੇ ਗੁਆਂਢੀ ਤੋ ਵੀ ਫਿਰੌਤੀ ਮੰਗੀ ਸੀ ਜਿਸ ਨੇ ਉਸ ਨੂੰ ਫਿਰੌਤੀ ਨਹੀ ਦਿੱਤੀ ਜਿਸ ਕਰਕੇ ਉਸਦੀ ਹੱਤਿਆ ਕਰ ਦਿੱਤੀ ਗਈ ਸੀ ਇਸ ਉਪਰੰਤ ਅਮਰਜੀਤ ਸਿੰਘ ਨੂੰ ਇਸ ਦੋਸੀ ਵੱਲੋ ਵਾਰ ਵਾਰ ਫਿਰੌਤੀ ਲਈ ਕਾਲਾਂ ਆਉਦੀਆਂ ਰਹੀਆਂ ਮਿਤੀ 08-06-22 ਨੂੰ ਵੀ ਅਮਰਜੀਤ ਸਿੰਘ ਨੂੰ ਦੁਬਾਰਾ ਫਿਰ ਦੋਸੀ ਦਾ ਫੋਨ ਆਇਆ ਤਾਂ ਅਮਰਜੀਤ ਸਿੰਘ ਨੇ ਉਸਨੂੰ 03 ਲੱਖ ਰੁਪਏ ਦਾ ਹੀ ਇੰਤਜਾਮ ਹੋਣ ਸਬੰਧੀ ਦੱਸਿਆ ਜਿਸਤੇ ਦੋਸੀ ਨੇ ਉਸਨੂੰ ਚੰਡੀਗੜ ਆ ਕੇ ਇਹ ਪੈਸੇ ਦੇਣ ਲਈ ਕਿਹਾ ਪਰੰਤੂ ਅਮਰਜੀਤ ਸਿੰਘ ਵੱਲੋ ਸੂਗਰ ਦੀ ਬੀਮਾਰੀ ਦਾ ਕਹਿ ਕੇ ਦੋਸੀ ਨੂੰ ਇਹ ਪੈਸੇ ਇੱਥੇ ਨੇੜੇ ਆ ਕੇ ਹੀ ਲੈ ਜਾਣ ਲਈ ਮਨਾਇਆ ਜਿਸਤੇ ਦੋਸੀ ਨੇ ਉਸਨੂੰ ਦੋ ਦਿਨ ਦਾ ਇੰਤਜਾਰ ਕਰਨ ਲਈ ਕਿਹਾ ਅਤੇ ਕੱਲ ਮਿਤੀ 15-06-22 ਨੂੰ ਸ਼ਾਮ ਕਰੀਬ 04:30 ਵਜੇ ਅਮਰਜੀਤ ਸਿੰਘ ਨੂੰ ਦੋਸੀ ਵੱਲੋ ਦੁਬਾਰਾ ਫੋਨ ਕਰਕੇ ਪੈਸੇ ਗੜ੍ਹਸ਼ੰਕਰ ਲੈ ਕੇ ਆਉਣ ਲਈ ਕਿਹਾ ਇਸ ਤੇ ਅਮਰਜੀਤ ਸਿੰਘ ਵੱਲੋ ਇਸ ਸਬੰਧੀ ਇਤਲਾਹ ਥਾਣਾ ਦੇਣ ਤੇ ਮੁਕੱਦਮਾ ਨੰਬਰ 58 ਮਿਤੀ 15-6-2022 ਜੁਰਮ 386,506 ਭ:ਦ: ਥਾਣਾ ਸਦਰ ਬੰਗਾ ਨਾ-ਮਲੂਮ ਵਿਅਕਤੀ ਦੇ ਖਿਲਾਫ ਦਰਜ ਕਰਕੇ ਉਪ ਕਪਤਾਨ ਪੁਲਿਸ ਬੰਗਾ ਗੁਰਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਰਾਜੀਵ ਕੁਮਾਰ ਮੁੱਖ ਅਫਸਰ ਥਾਣਾ ਸਦਰ ਬੰਗਾ ਸਮੇਤ ਕਰਮਚਾਰੀਆ ਸਿਵਲ ਕੱਪੜਿਆ ਵਿੱਚ ਸਮੇਤ ਅਸਲਾ ਅਲੱਗ-ਅਲੱਗ ਪੁਲਿਸ ਪਾਰਟੀਆ ਤਿਆਰ ਕਰਕੇ ਅਮਰਜੀਤ ਸਿੰਘ ਨੂੰ ਫੋਨ ਕਰਨ ਵਾਲੇ ਨਾਲ ਗੱਲ ਕਰਕੇ ਪੈਸੇ ਲੈ ਕੇ ਜਾਣ ਲਈ ਕਿਹਾ ਜੋ ਅਮਰਜੀਤ ਸਿੰਘ ਨੂੰ ਫੋਨ ਕਰਨ ਵਾਲੇ ਦੋਸੀ ਨੇ ਪੈਸੇ ਨੌਰਾ ਤੋਂ ਗੜ੍ਹਸ਼ੰਕਰ ਵਾਲੀ ਸਾਈਡ ਮੇਨ ਰੋਡ ਤੇ ਕੋਲਡ ਸਟੋਰ ਲਾਗੇ ਮੋਟਰ ਦੇ ਕਮਰੇ ਲਾਗੇ ਰੱਖ ਕੇ ਉੱਥੇ ਚਲੇ ਜਾਣ ਲਈ ਕਿਹਾ ਜਿਸ ਤੇ ਉਕਤ ਜਗ੍ਹਾ ਦੇ ਨਜਦੀਕ ਪਹਿਲਾ ਹੀ ਸਿਵਲ ਕੱਪੜਿਆ ਵਿੱਚ ਪੁਲਿਸ ਪਾਰਟੀਆਂ ਤਾਇਨਾਤ ਕੀਤੀਆ ਗਈਆ ਸਨ ਤਾਂ ਹਦਾਇਤ ਮੁਤਾਬਿਕ ਜਦੋ ਅਮਰਜੀਤ ਸਿੰਘ ਵੱਲੋ ਦੋਸੀ ਦੇ ਨਿਰਦੇਸ ਅਨੁਸਾਰ ਦੱਸੀ ਜਗਾਂ ਤੇ 03 ਲੱਖ ਰੁਪਏ ਦਾ ਰੱਖਿਆ ਡੰਮੀ ਬੈਗ ਇਹ ਦੋਸੀ ਚੁੱਕ ਕੇ ਵਾਪਸ ਜਾਣ ਲੱਗਾ ਤਾਂ ਤੁਰੰਤ ਲਾਗੇ ਤਾਇਨਾਤ ਸੀਨੀਅਰ ਸਿਪਾਹੀ ਮਨਦੀਪ ਸਿੰਘ ਉਕਤ ਵਿਅਕਤੀ ਨੂੰ ਫੜਨ ਲਈ ਅੱਗੇ ਹੋਇਆ ਤਾਂ ਦੋਸੀ ਨੇ ਭੱਜਣ ਦੀ ਕੋਸਿਸ ਦੌਰਾਨ ਆਪਣੇ ਪਿਸਟਲ .32 ਬੋਰ ਤੋ ਮਾਰ ਦੇਣ ਦੀ ਨੀਅਤ ਨਾਲ ਸੀਨੀਅਰ/ਸਿਪਾਹੀ ਮਨਦੀਪ ਸਿੰਘ ਤੇ ਫਾਇਰ ਕਰ ਦਿੱਤਾ ਜੋ ਉਸ ਦੇ ਪੱਟ ਵਿੱਚ ਲੱਗਾ,ਪਰੰਤੂ ਮਨਦੀਪ ਸਿੰਘ ਨੇ ਦੋਸੀ ਨੂੰ ਮੌਕੇ ਤੇ ਹੀ ਕਾਬੂ ਕਰ ਲਿਆ ਤਾਂ ਇੰਨੇ ਨੂੰ ਸ੍ਰੀ ਗੁਰਪ੍ਰੀਤ ਸਿੰਘ, ਉਪ ਕਪਤਾਨ ਪੁਲਿਸ, ਸਬ-ਡਵੀਜਨ ਬੰਗਾ ਅਤੇ ਰਾਜੀਵ ਕੁਮਾਰ ਮੁੱਖ ਅਫਸਰ ਥਾਣਾ ਸਦਰ ਬੰਗਾ ਤੇ ਹੋਰ ਪੁਲਿਸ ਕਰਮਚਾਰੀਆ ਨੇ ਮੌਕੇ ਤੇ ਹੀ ਉਕਤ ਵਿਅਕਤੀ ਨੂੰ ਕਾਬੂ ਕੀਤਾ ਤੇ ਉਸ ਪਾਸੋ ਪਿਸਟਲ .32 ਬੋਰ ਬ੍ਰਾਮਦ ਕੀਤਾ ਦੌਰਾਨੇ ਤਫਤੀਸ ਦੋਸੀ ਦੀ ਪਹਿਚਾਣ ਨੋਮਾਨ ਉਰਫ ਨੌਸਾਦ ਰਮਜਾਨੀ ਵਾਸੀ ਦਲਹੇੜੀ ਜਿਲ੍ਹਾ ਸਹਾਰਨਪੁਰ ਯੂ.ਪੀ ਵਜੋ ਹੋਈ ਹੈ ਜਿਸ ਨੂੰ ਮੁਕੱਦਮਾ ਹਜਾ ਵਿੱਚ ਹਸਬ ਜਾਬਤਾ ਗ੍ਰਿਫਤਾਰ ਕਰਕੇ ਮਕੁੱਦਮਾ ਵਿੱਚ 307,353,186,333 ਆਈ.ਪੀ.ਸੀ. ਅਤੇ ਆਰਮਜ ਐਕਟ ਤਹਿਤ ਵਾਧਾ ਜੁਰਮ ਕਰਕੇ ਅਗਲੇਰੀ ਪੁੱਛਗਿਛ ਕੀਤੀ ਜਾ ਰਹੀ ਹੈ ਦੋਸੀ ਨੂੰ ਅੱਜ ਅਦਾਲਤ ਵਿੱਚ ਪੇਸ ਕਰਕੇ ਰਿਮਾਂਡ ਹਾਸਲ ਕਰਕੇ ਇਸ ਦੇ ਬਾਕੀ ਸਾਥੀਆਂ ਸਬੰਧੀ ਵੀ ਅਗਲੇਰੀ ਪੁੱਛਗਿੱਛ ਅਮਲ ਵਿੱਚ ਲਿਆਂਦੀ ਜਾਵੇਗੀ।

# ਹਊਂਡੇਈ ਨੇ ਭਾਰਤ ਵਿਚ ਲਾਂਚ ਕੀਤੀ ਨਿਊ ਹਊਂਡੇਈ ਵੈਨਯੂ




**ਚੰਡੀਗੜ੍ਹ/ਲੋਕ ਬਾਣੀ**

ਹਊਂਡੇਈ ਮੋਟਰ ਇੰਡਿਆ ਲਿਮੇਟਿਡ ਨੇ ਅਪਣੀ ਨਿਊ ਹਊਂਡੇਈ ਵੈਨਯੂ ਨੂੰ ਭਾਰਤੀ ਬਾਜਾਰ ਵਿਚ ਉਤਾਰਿਆ ਹੈ ਹਊਂਡੇਈ ਐਸਯੂਵੀ ਲਾਇਫ ਨੂੰ ਨਵੀਂ ਉਚਾਈ ਦਿੰਦੇ ਹੋਏ ਨਿਊ ਹਊਂਡੇਈ ਵੈਨਯੂ ਨੂੰ ਗਾਹਕਾਂ ਦੇ ਲਈ ਰੋਮਾਂਚ ਅਨੁਭਵ ਨੂੰ ਨਵੀਂ ਤਰਾਂ ਨਾਲ ਪਰਿਭਾਸ਼ਤ ਕਰਦੇ ਹੋਏ ਬੋਲਡ ਡਿਜਾਇਨ, ਪਾਵਰ ਪੈਕਡ ਪਰਫੋਰਮੇਂਸ, ਸਪੇਸ, ਕੰਫਰਟ, ਐਡਵਾਂਸ ਟੈਕਨੋਲੋਜੀ ਅਤੇ ਕੁਨੇਕਟਿਵਟੀ ਦੇ ਨਾਲ ਪੇਸ਼ ਕੀਤਾ ਹੈ ਹਰਿਆਣਾ ਵਿਧਾਨ ਸਭਾ ਦੇ ਸਪੀਕਰ ਗਿਆਨ ਚੰਦ ਗੁਪਤਾ ਨੇ ਚੰਡੀਗੜ੍ਹ ਦੀ ਮੇਅਰ ਸਰਬਜੀਤ ਕੌਰ ਅਤੇ ਕਰਿਜਮਾ ਹਊਂਡੇਈ ਦੇ ਫ੍ਰੈਂਚਾਇਜੀ ਮਾਲਕ ਤੇ ਨਗਰ ਨਿਗਮ ਦੇ ਡਿਪਟੀ ਮੇਅਰ ਅਨੂਪ ਗੁਪਤਾ ਦੀ ਮੌਜੂਦਗੀ ਵਿਚ ਲਾਂਚ ਕੀਤੀ ਇਸ ਮੌਕੇ ਤੇ ਸ਼ਹਿਰ ਦੇ ਮੰਨੇ ਪ੍ਰਮੰਨੇ ਲੋਕ ਵੀ ਸ਼ਾਮਲ ਸਨ ਲਾਂਚ ਹੋਈ ਗੱਡੀ ਨੂੰ ਇਕ ਡੂਅਲ ਟੋਨ (ਫਿਅਰੀ ਰੇਡ ਵਿਦ ਬਲੈਕ ਰੂਫ) ਸਮੇਤ ਸੱਤ ਕਲਰ ਆਪਸ਼ਨਾਂ (ਪੋਲਰ ਵਾਇਟ, ਟਾਇਫੂਨ ਸਿਲਵਰ, ਫੈਂਟਮ ਬਲੈਕ, ਡੇਨਿਮ ਬਲੂ, ਟਾਇਟਨ ਗਰੇ, ਫਿਅਰੀ ਰੇਡ) ਵਿਚ ਲਾਂਚ ਕੀਤਾ ਗਿਆ ਸੀ।

ਹਊਂਡੇਈ ਵੈਨਯੂ ਦੇ 12 ਲੀਟਰ ਨੈਚੂਰਲੀ ਐਸਪੀਰੇਟਿਡ ਵਰਜਨ ਦੀ ਕੀਮਤ 7.53 ਲੱਖ ਰੁਪਏ (ਐਕਸ ਸ਼ੋਅਰੂਮ) ਤੋਂ ਸ਼ੁਰੂ ਹੁੰਦੀ ਹੈ ਜਦਕਿ 1.0 ਲੀਟਰ ਟਰਬੋ ਪੈਟ੍ਰੋਲ ਆਈਐਮਟੀ ਵੈਰਿਅੰਟ ਦੀ ਕੀਮਤ 9.99 ਲੱਖ ਰੁਪਏ ਐਕਸ ਸ਼ੋਅਰੂਮ ਅਤੇ 1.5 ਲੀਟਰ ਡੀਜਲ ਵੈਰਿਅੰਟ ਦੀ ਕੀਮਤ 9.99 ਲੱਖ ਰੁਪਏ ਐਕਸ ਸ਼ੋਅਰੂਮ ਹੈ।

ਲਾਂਚਿੰਗ ਮੌਕੇ ਤੇ ਹਊਂਡੇਈ ਮੋਟਰ ਇੰਡਿਆ ਲਿਮੇਟਿਡ ਦੇ ਐਮਡੀ ਅਤੇ ਸੀਈਓ ਉਨਸੂ ਕਿਮ ਨੇ ਕਿਹਾ ਕਿ ਲਾਂਚ ਹੋਈ ਹਊਂਡੇਈ ਵੈਨਯੂ ਨੇ ਗਾਹਕਾਂ ਦੀ ਉਮੀਦਾਂ ਨੂੰ ਜੀਵੰਤ ਕਰਣ ਦੇ ਲਈ ਬਣਾਇਆ ਗਿਆ ਹੈ ਡਿਜਾਇਨ, ਤਕਨੀਕ, ਫੰਕਸ਼ਨੈਲਿਟੀ ਅਤੇ ਸਪੇਸ ਤੇ ਫੋਕਸ ਕਰਦੇ ਹੋਏ ਨਵੀਂ ਲਾਂਚ ਹੋਈ ਗੱਡੀ ਗਾਹਕਾਂ ਦੇ ਅਨੁਭਵਾਂ ਨੂੰ ਨਵੀਂ ਉਚਾਇਆਂ ਪ੍ਰਦਾਨ ਕਰੇਗਾ ਅਤੇ ਹਊਂਡੇਈ ਐਸਯੂਵੀ ਲਾਇਨ ਨੂੰ ਨਵਾਂ ਆਯਾਮ ਮਿਲੇਗਾ।

## ਲੋਕਾਂ ਦੀ ਸੁਰੱਖਿਆ ਨੂੰ ਬੇਪਰਵਾਹ ਪ੍ਰਸ਼ਾਸਨਿਕ ਅਤੇ ਜੰਗਲਾਤ ਵਿਭਾਗ ਦੇ ਅਧਿਕਾਰੀ ਲੋਕਾਂ ਰਾਹਗੀਰਾਂ ਦੀ ਸੁਰੱਖਿਆ ਦੇ ਪ੍ਰਬੰਧਾਂ ਨੂੰ ਅੱਖੋਂ ਪਰੋਖੇ ਕਰਕੇ ਅੱਖਾਂ ਮੁੰਡੇ ਬੈਠੇ ਹਨ-ਅਵੀ ਰਾਜਪੂਤ

**ਕਪੂਰਥਲਾ/ਪਰਮਜੀਤ ਸੰਨੀ**



ਕਪੂਰਥਲਾ ਬਾਬਾ ਪੀਰ ਚੌਧਰੀ ਰੋਡ ਤੇ ਪਸ਼ੂ ਪਾਲਣ ਵਿਭਾਗ ਪੰਜਾਬ ਦੇ ਦਫਤਰ ਕੋਲ ਲੱਗਿਆ ਦਰਖਤ ਬਿਜਲੀ ਵਿਭਾਗ ਦੀਆਂ ਹਾਈ ਟੈਂਸ਼ਨ ਤਾਰਾਂ ਦੀ ਮਦਦ ਨਾਲ ਝੂਲ ਰਿਹਾ ਹੈ ਇਹ ਦਰੱਖਤ ਕਿਸੇ ਵੀ ਸਮੇਂ ਹਾਦਸੇ ਦਾ ਕਾਰਨ ਬਣ ਸਲਦਾ ਹੈ ਜੰਗਲਾਤ ਵਿਭਾਗ ਅਤੇ ਬਿਜਲੀ ਵਿਭਾਗ ਦੀ ਇਹ ਲਾਪਰਵਾਹੀ ਇਸ ਸੜਕ ਤੋਂ ਲੰਘਣ ਵਾਲੇ ਲੋਕਾਂ ਦੀਆਂ ਜਾਨਾਂ ਨਾਲ ਖੇਡਦੀ ਜਾਪਦੀ ਹੈ ਉਂਜ ਇੱਥੋਂ ਲੰਘਣ ਵਾਲੇ ਰਾਹਗੀਰ ਪ੍ਰਮਾਤਮਾ ਸਹੀ ਸਲਾਮਤ ਸੜਕ ਪਾਰ ਕਰਨ ਦੇ ਬਾਅਦ ਭਗਵਾਨ ਦਾ ਸ਼ੁਕਰਾਨਾ ਕਰਦੇ ਹੋਏ ਕਦੇ ਵੀ ਅਧਿਕਾਰੀਆਂ ਨੂੰ ਕੋਸਣਾ ਨਹੀਂ ਭੁੱਲਦੇ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਯੂਥ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਅਵੀ ਰਾਜਪੂਤ ਨੇ ਲੋਕਾਂ ਦੀ ਸ਼ਿਕਾਇਤ ਤੇ ਸਥਿਤੀ ਦਾ ਜਾਇਜ਼ਾ ਲੈਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਇਸ ਸੜਕ ਤੋਂ ਰੋਜ਼ਾਨਾ ਖਾਸ ਕਰਕੇ ਵੀਰਵਾਰ ਨੂੰ ਹਾਜਰ ਦੀ ਗਿਣਤੀ ਵਿਚ ਬਾਬਾ ਪੀਰ ਚੌਧਰੀ ਦੇ ਸ਼ਰਧਾਲੂ ਇੱਥੋਂ ਲੰਘਦੇ ਹਨ ਜਿਨ੍ਹਾਂ ਦੀ ਜਾਨ ਜੰਗਲਾਤ ਵਿਭਾਗ ਦੀ ਲਾਪ੍ਰਵਾਹੀ ਕਾਰਨ ਹਮੇਸ਼ਾ ਖਤਰੇ 'ਚ ਰਹਿੰਦੀ ਹੈ ਇਸ ਦੇ ਬਾਵਜੂਦ ਜੰਗਲਾਤ ਵਿਭਾਗ ਦੇ ਅਧਿਕਾਰੀਆਂ ਦੀ ਸਿਹਤ 'ਤੇ ਕੋਈ ਅਸਰ ਨਹੀਂ ਹੁੰਦਾ ਅਵੀ ਰਾਜਪੂਤ ਨੇ ਕਿਹਾ ਕਿ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਬੇਪਰਵਾਹ ਪ੍ਰਸ਼ਾਸਨਿਕ ਅਤੇ ਜੰਗਲਾਤ ਵਿਭਾਗ ਅਧਿਕਾਰੀ ਰਾਹਗੀਰਾਂ ਦੀ ਸੁਰੱਖਿਆ ਦੇ ਪ੍ਰਬੰਧਾਂ ਨੂੰ ਅੱਖੋਂ ਪਰੋਖੇ ਕਰਕੇ ਬੈਠੇ ਹਨ ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਸੜਕ ਕਿਨਾਰੇ ਲੱਗੇ ਦਰੱਖਤ ਦੇ ਬਿਲਕੁਲ ਸਾਹਮਣੇ ਬੱਚਿਆਂ ਦਾ ਸਕੂਲ ਵੀ ਬਣਿਆ ਹੋਇਆ ਹੈ,ਇਸ ਦੇ ਬਾਵਜੂਦ ਜੰਗਲਾਤ ਵਿਭਾਗ ਦੇ ਕਰਮਚਾਰੀ ਇਸ ਵੱਲ ਕੋਈ ਧਿਆਨ ਨਹੀਂ ਦਿੰਦੇ ਕਿਉਂਕਿ ਰੁੱਖ ਦੇ ਡਿੱਗਣ ਕਾਰਨ,ਨਾ ਕੇਵਲ ਬਿਜਲੀ ਦੀਆਂ ਤਾਰਾ ਖਰਾਬ ਹੋਣਗੀਆਂ ਸਗੋਂ ਬਿਜਲੀ ਸਪਲਾਈ ਵਿੱਚ ਵੀ ਵਿਘਨ ਪੈ ਸਕਦਾ ਹੈ ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਇਹ ਹੈ ਕਿ ਜਿੱਥੇ ਹਵਾ ਵਿੱਚ ਝੂਲਦੇ ਜੰਗਲਾਤ ਵਿਭਾਗ ਦਾ ਦਰੱਖਤ ਰਾਹਗੀਰਾਂ ਦੀ ਜਾਨ ਦਾ ਕਾਲ ਬਣ ਕੇ ਮੰਡਰਾ ਰਿਹਾ ਹੈ,ਉੱਥੇ ਹੀ ਇਹ ਬੱਚਿਆਂ ਦੀ ਜਾਨ ਨੂੰ ਵੀ ਖਤਰੇ ਵਿਚ ਪਾ ਰਿਹਾ ਹੈ ਇਸ ਦੌਰਾਨ ਅਵੀ ਰਾਜਪੂਤ ਨੇ ਜੰਗਲਾਤ ਵਿਭਾਗ ਨੂੰ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਦੇ ਹੋਏ ਇਸ ਡਿੱਗੇ ਦਰੱਖਤ ਨੂੰ ਤੁਰੰਤ ਕੱਟਣ ਦੀ ਮੰਗ ਕੀਤੀ, ਜੋ ਕਿ ਕਿਸੇ ਸਮੇਂ ਵੀ ਵੱਡਾ ਹਾਦਸਾ ਵਾਪਰ ਸਕਦਾ ਹੈ ਇਸ ਮੌਕੇ ਅਸ਼ੋਕ ਕੁਮਾਰ ਸ਼ਰਮਾ ਸੁਮਿਤ ਕਪੂਰ ਆਦਿ ਹਾਜ਼ਰ ਸਨ।

# ਕਲਾਨੌਰ ਨੇੜਲੇ ਸਰਹੱਦੀ ਪਿੰਡਾਂ ਵਿਚ ਪਹੁੰਚੀ ਮੈਡੀਕਲ ਵੈਨ-ਮਰੀਜਾਂ ਦਾ ਚੈੱਕਅੱਪ ਕਰਕੇ ਵੰਡੀਆਂ ਦਵਾਈਆਂ



**ਗੁਰਦਾਸਪੁਰ/ਨਵਨੀਤ ਕੁਮਾਰ**

ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਆਦੇਸ਼ਾਂ ਤਹਿਤ ਜ਼ਿਲੇ ਦੇ ਸਰਹੱਦੀ ਪਿੰਡਾਂ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਦੇ ਮੰਤਵ ਨਾਲ ਕਲਾਨੌਰ ਖੇਤਰ ਦੇ ਪਿੰਡਾਂ ਅੰਦਰ ਮੈਡੀਕਲ ਵੈਨ ਪਹੁੰਚੀ ਤੇ ਮਰੀਜਾਂ ਦਾ ਚੈੱਕਅੱਪ ਕਰਕੇ ਮੁਫਤ ਦਵਾਈਆਂ ਵੰਡੀਆਂ ਗਈਆਂ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜੀਵ ਸਿੰਘ, ਸੈਕਰਟਰੀ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਗੁਰਦਾਸਪੁਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਸਾਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਲਾਨੌਰ ਖੇਤਰ ਦੇ ਸਰਹੱਦੀ ਪਿੰਡਾਂ ਦੇ ਲੋਕਾਂ ਨੂੰ ਉਨਾਂ ਦੇ ਘਰਾਂ ਤਰ ਪਹੁੰਚ ਕੇ ਸਿਹਤ ਸਹੂਲਤ ਪ੍ਰਦਾਨ ਕਰਨ ਲਈ ਸਿਹਤ ਵਿਭਾਗ ਦੇ ਸਹਿਯੋਗ ਨਾਲ ਪਿੰਡਾਂ ਵਿਚ ਜਾ ਕੇ ਮਰੀਜਾਂ ਦਾ ਚੈੱਕਅੱਪ ਕੀਤਾ ਜਾ ਰਿਹਾ ਤੇ ਮੁਫਤ ਦਵਾਈਆਂ ਵੰਡੀਆਂ ਗਈਆਂ।

ਉਨਾਂ ਦੱਸਿਆ ਕਿ ਅੱਜ ਪਿੰਡ ਗੱਦੀਆਂ ਕਲਾਂ ਵਿਖੇ ਸਵੇਰੇ 10 ਵਜੇ ਤੋਂ 12 ਵਜੇ ਤਕ, ਕਮਾਲਪੁਰ ਜੱਟਾਂ ਦੁਪਹਿਰ 12.30 ਵਜੇ ਤੋਂ 2.30 ਵਜੇ, ਕੁੱਕੜ ਵਿਖੇ ਦੁਪਹਿਰ 3 ਤੋਂ 5 ਵਜੇ ਤਕ ਮੈਡੀਕਲ ਵੈਨ ਪਹੁੰਚੀ ਤੇ ਮਰੀਜਾਂ ਦੀ ਜਾਂ ਕਰਕੇ ਮੁਫ਼ਤ ਦਵਾਈਆਂ ਵੰਡੀਆਂ॥ ਉਨਾਂ ਅੱਗੇ ਦੱਸਿਆ ਕਿ ਕੱਲ੍ਹ 17 ਜੂਨ ਨੂੰ ਪਿੰਡ ਸ਼ਹੂਰ ਵਿਖੇ ਸਵੇਰੇ 10 ਵਜੇ ਤੋਂ 12 ਵਜੇ ਤਕ, ਚੋੜਾਂ ਕਲਾਂ ਦੁਪਹਿਰ 12.30 ਵਜੇ ਤੋਂ 2.30 ਵਜੇ, ਦੋਸਤਪੁਰ ਵਿਖੇ ਦੁਪਹਿਰ 3 ਤੋਂ 5 ਵਜੇ ਤਕ, 18 ਜੂਨ ਨੂੰ ਪਿੰਡ ਚੰਦੂ ਵਡਾਲਾ ਵਿਖੇ ਸਵੇਰੇ 10 ਵਜੇ ਤੋਂ 12 ਵਜੇ ਤਕ, ਵਰੀਲਾ ਕਲਾਂ ਦੁਪਹਿਰ 12.30 ਵਜੇ ਤੋਂ 2.30 ਵਜੇ, ਬਾਲੀਮ ਵਿਖੇ ਦੁਪਹਿਰ 3 ਤੋਂ 5 ਵਜੇ ਤਕ, 20 ਜੂਨ ਨੂੰ ਪਿੰਡ ਛੋਨ ਵਿਖੇ ਸਵੇਰੇ 10 ਵਜੇ ਤੋਂ 12 ਵਜੇ ਤਕ, ਸ਼ਾਲੇ ਚੱਕ ਦੁਪਹਿਰ 12.30 ਵਜੇ ਤੋਂ 2.30 ਵਜੇ, ਬੋਹੜ ਵਡਾਲਾ ਵਿਖੇ ਦੁਪਹਿਰ 3 ਤੋਂ 5 ਵਜੇ ਤਕ ਮੈਡੀਕਲ ਵੈਨ ਪਹੁੰਚੇਗੀ॥ ਇਸੇ ਤਰਾਂ 21 ਜੂਨ ਨੂੰ ਬਹਿਰਾਮਪੁਰ (ਦੀਨਾਨਗਰ) ਦੇ ਨੇੜਲੇ ਪਿੰਡਾਂ ਜਿਵੇਂ ਪਿੰਡ ਭਰਿਆਲ ਵਿਖੇ ਸਵੇਰੇ 10 ਵਜੇ ਤੋਂ 12 ਵਜੇ ਤਕ, ਮੰਮੀ ਚੱਕਰੰਗਾਂ ਦੁਪਹਿਰ 12.30 ਵਜੇ ਤੋਂ 2.30 ਵਜੇ, ਤੂਰ ਵਿਖੇ ਦੁਪਹਿਰ 3 ਤੋਂ 5 ਵਜੇ ਤਕ, 22 ਜੂਨ ਨੂੰ ਪਿੰਡ ਰਾਜਪੁਰ ਚਿੱਬ ਵਿਖੇ ਸਵੇਰੇ 10 ਵਜੇ ਤੋਂ 12 ਵਜੇ ਤਕ, ਮਰਾੜਾ ਦੁਪਹਿਰ 12.30 ਵਜੇ ਤੋਂ 2.30 ਵਜੇ, ਝਬਕਰਾ ਵਿਖੇ ਦੁਪਹਿਰ 3 ਤੋਂ 5 ਵਜੇ ਤਕ ਮੈਡੀਕਲ ਵੈਨ ਪਹੁੰਚੇਗੀ।

## ਜਨਮਦਿਨ ਮੁਬਾਰਕ



ਤਾਨਿਸਕ ਸਿੰਗਲਾ
ਪਿਤਾ- ਡਾ. ਵਨੀਤ ਕੁਮਾਰ ਸਿੰਗਲਾ
ਮਾਤਾ- ਕੰਚਨ ਰਾਣੀ
ਬੁਢਲਾਡਾ ਮਾਨਸਾ

# ਸੰਗਰੂਰ ਏਅਰਪੋਰਟ ਦਾ ਵਿਰੋਧ ਕਰਨਾ ਭਗਵੰਤ ਮਾਨ ਦੀ ਛੋਟੀ ਮਾਨਸਿਕਤਾ ਦਾ ਸਬੂਤ : ਕੇਵਲ ਸਿੰਘ ਢਿੱਲੋਂ



## ਸੰਗਰੂਰ ਦੇ ਲੋਕਾਂ ਨੇ ਭਗਵੰਤ ਮਾਨ ਨੂੰ ਹੈਲੀਕਾਪਟਰ ਚੜ੍ਹਨ ਜੋਗਾ ਕੀਤਾ, ਪਰ ਸੰਗਰੂਰ ਦੇ ਲੋਕਾਂ ਨੂੰ ਬੱਸ ਚੜਨ ਜੋਗੇ ਨਹੀਂ ਕਹਿਣਾ ਬਹੁਤ ਨਿੰਦਣਯੋਗ ਬਿਆਨ

**ਬਰਨਾਲਾ/ਕਰਨਪ੍ਰੀਤ ਧੰਦਰਾਲ**

ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸੰਗਰੂਰ ਦੇ ਲੋਕਾਂ ਨੂੰ ਬੱਸ ਚੜਨ ਜੋਗੇ ਵੀ ਨਹੀਂ ਕਹਿ ਕੇ ਉਹਨਾਂ ਆਪਣੀ ਇੱਕ ਛੋਟੀ ਸੋਚ ਦਾ ਸਬੂਤ ਦਿੱਤਾ ਹੈ ਅਤੇ ਰਾਜਨੀਤੀ ਲਈ ਆਪਣੇ ਹੀ ਲੋਕਾਂ ਦਾ ਅਪਮਾਨ ਕਰ ਰਹੇ ਹਨ ਇਹ ਮੋੜਵਾਂ ਜਵਾਬ ਲੋਕ ਸਭਾ ਹਲਕੇ ਦੇ ਭਾਜਪਾ ਉਮੀਦਵਾਰ ਕੇਵਲ ਸਿੰਘ ਢਿੱਲੋਂ ਵਲੋਂ ਭਗਵੰਤ ਮਾਨ ਨੂੰ ਦਿੱਤਾ ਗਿਆ ਹੈ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਅੱਜ ਮੁੱਖ ਮੰਤਰੀ ਭਗਵੰਤ ਮਾਨ ਉਹਨਾਂ ਲੋਕਾਂ ਨੂੰ ਬੱਸ ਚੜਨ ਜੋਗੇ ਨਹੀਂ ਕਹਿ ਰਹੇ ਹਨ, ਜਿਹਨਾਂ ਨੇ ਉਹਨਾਂ ਨੂੰ ਹੈਲੀਕਾਪਟਰ ਚੜਨ ਅਤੇ ਹਵਾਈ ਜਹਾਜ਼ ਦੇ ਝੂਟੇ ਲੈਣ ਦੇ ਕਾਬਲ ਬਣਾਇਆ ਹੈ ਉਹਨਾਂ ਕਿਹਾ ਕਿ ਮੈਂ ਆਪਣੇ ਸੰਗਰੂਰ, ਬਰਨਾਲਾ ਤੇ ਮਲੇਰਕੋਟਲਾ ਦੇ ਖੇਤਰ ਬੱਸਾਂ ਤੋਂ ਨੂੰ ਏਅਰਪੋਰਟ ਤੱਕ ਲਿਜਾਣਾ ਚਾਹੁੰਦਾ ਹਾਂ ਏਅਰਪੋਰਟ ਆਉਣ ਨਾਲ ਇਸ ਖੇਤਰ ਦਾ ਵਿਕਾਸ ਅਤੇ ਤਰੱਕੀ ਹੋਵੇਗੀ ਪਰ ਭਗਵੰਤ ਮਾਨ ਸਾਡੇ ਖੇਤਰ ਦੇ ਲੋਕਾਂ ਨੂੰ ਬੱਸਾਂ ਤੱਕ ਹੀ ਸੀਮਤ ਰੱਖਣਾ ਚਾਹੁੰਦਾ ਹੈ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਭਗਵੰਤ ਮਾਨ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਇਸ ਖਿੱਤੇ ਦੇ ਹਜ਼ਾਰਾਂ ਲੋਕ ਹਰ ਮਹੀਨੇ ਵਿਦੇਸ਼ਾਂ ਨੂੰ ਆਉਂਦੇ ਅਤੇ ਜਾਂਦੇ ਹਨ, ਜਦਕਿ ਬਹੁਤ ਸਾਰੇ ਬਿਜਨੈਸਮੈਨ ਅਜਿਹੇ ਹਨ, ਜੋ ਹਰ ਮਹੀਨੇ ਬਿਜਨੈਸ ਟੂਰ ’ਤੇ ਵਿਦੇਸ਼ ਜਾਂ ਦੇਸ਼ ਦੇ ਹੋਰਨਾਂ ਵੱਡੇ ਸ਼ਹਿਰਾਂ ਵਿੱਚ ਆਉਂਦੇ ਜਾਂਦੇ ਹਨ ਜਿਸ ਲਈ ਉਹਨਾਂ ਨੂੰ ਦਿੱਲੀ, ਚੰਡੀਗੜ੍ਹ ਜਾਂ ਅੰਮ੍ਰਿਤਸਰ ਏਅਰਪੋਰਟ ਤੋਂ ਫਲਾਈਟ ਲੈਣ ਜਾਣਾ ਪੈਂਦਾ ਹੈ ਪਰ ਮੈਂ ਆਪਣੇ ਲੋਕਾਂ ਨੂੰ ਏਅਰਪੋਰਟ ਦੀ ਸਹੂਲਤ ਆਪਣੇ ਸ਼ਹਿਰ ਵਿੱਚ ਹੀ ਮੁਹੱਈਆ ਕਰਵਾਉਣਾ ਚਾਹੁੰਦਾ ਹਾਂ, ਜਿਸਦਾ ਸਿੱਧੇ ਤੌਰ ’ਤੇ ਭਗਵੰਤ ਮਾਨ ਵਿਰੋਧ ਕਰ ਰਹੇ ਹਨ ਉਹਨਾਂ ਕਿਹਾ ਕਿ ਜੋ ਵਿਅਕਤੀ ਆਪਣੇ ਸ਼ਹਿਰ ਦੇ ਵਿਕਾਸ ਦਾ ਵਿਰੋਧ ਕਰਦਾ ਹੈ, ਉਸਤੋਂ ਪੰਜਾਬ ਦੇ ਲੋਕਾਂ ਨੂੰ ਕੋਈ ਆਸ ਉਮੀਦ ਨਹੀਂ ਰੱਖਣੀ ਚਾਹੀਦੀ

ਉਥੇ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਸਪੇਨ ਨਾਲ ਭਾਰਤ ਦੇ ਵਪਾਰਕ ਤੌਰ ’ਤੇ ਚੰਗੇ ਸਬੰਧ ਹਨ ਇੱਕ ਮੁੱਖ ਮੰਤਰੀ ਵਲੋਂ ਸਪੇਨ ਨੂੰ ਸਮੱਗਲਿੰਗ ਨਾਲ ਜੋੜਨਾ ਦੋਵੇਂ ਦੇਸ਼ਾਂ ਦੇ ਸਬੰਧਾਂ ਨੂੰ ਨੁਕਸਾਨ ਪਹੁੰਚਾ ਸਕਦਾ ਹੈ ਇਸਤੋਂ ਇਲਾਵਾ ਕੇਵਲ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ ਹਜ਼ਾਰਾਂ ਨੌਜਵਾਨ ਸਪੇਨ ਵਿੱਚ ਰੁਜ਼ਗਾਰ ਲਈ ਗਏ ਹੋਏ ਹਨ ਕੀ ਉਹ ਨੌਜਵਾਨ ਸਮੱਗਲਿੰਗ ਕਰਨ ਸਪੇਨ ਜਾਂਦੇ ਹਨ, ਇਸਦਾ ਗੱਲ ਦਾ ਭਗਵੰਤ ਮਾਨ ਨੂੰ ਜਵਾਬ ਦੇਣਾ ਚਾਹੀਦਾ ਹੈ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਤਿੰਨ ਮਹੀਨਿਆਂ ਦੀ ਕਾਰਗੁਜ਼ਾਰੀ ਤੋਂ ਸੂਬੇ ਦੇ ਲੋਕ ਦੁਖੀ ਹੋ ਚੁੱਕੇ ਹਨ, ਜਿਸ ਕਰਕੇ ਸੰਗਰੂਰ ਤੋਂ ਆਪ ਦੀ ਹਾਰ ਨੂੰ ਦੇਖਦੇ ਹੋਏ ਭਗਵੰਤ ਮਾਨ ਬੁਖਲਾ ਚੁੱਕੇ ਹਨ ਅਤੇ ਇਸ ਤਰ੍ਹਾਂ ਦੇ ਗਲਤ ਬਿਆਨ ਦੇ ਰਹੇ ਹਨ ।

# ਗਾਇਕ ਸਿੱਧੂ ਮੂਸੇਵਾਲਾ ਦੀ ਯਾਦ ਵਿੱਚ ਲਗਾਈ ਗਈ ਛਬੀਲ



**ਗੁਰਦਾਸਪੁਰ/ਨਵਨੀਤ ਕੁਮਾਰ**

ਪੰਜਾਬ ਦੇ ਮਾਣਮੱਤੇ ਗਾਇਕ ਸਿੱਧੂ ਮੂਸੇਵਾਲਾ ਦੀ ਯਾਦ ਵਿੱਚ ਮੱਛੀ ਮੰਡੀ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਆਉਣ ਜਾਣ ਵਾਲੇ ਰਾਹਗੀਰਾਂ ਨੇ ਛਬੀਲ ਕਬੂਲ ਕੀਤੀ ਇਸ ਦੌਰਾਨ ਬਾਜ਼ਾਰ ਦੇ ਲੋਕਾਂ ਨੇ ਗਾਇਕ ਸਿੱਧੂ ਮੂਸੇਵਾਲਾ ਨੂੰ ਯਾਦ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਸਜ਼ਾ ਦਿੱਤੀ ਜਾਵੇ ਇਸ ਮੌਕੇ ਲੱਕੀ ਸ਼ਰਮਾ, ਆਤਿਸ਼ ਮਹਾਜਨ, ਤਰਪਾਲ ਮਹਾਜਨ, ਨਿੰਦੀ ਕੁਮਾਰ, ਵਿਜੇ ਕੁਮਾਰ, ਜਨਕ ਕੁਮਾਰ, ਰਾਹੁਲ ਕੁਮਾਰ, ਵਿਨੋਦ ਕੁਮਾਰ ਜੱਗੀ, ਰਵਿੰਦਰ ਖੰਨਾ, ਜੰਗ ਬਹਾਦਰ, ਪੰਮੀ ਕੁਮਾਰ, ਵਿਸ਼ਾਲ ਕੁਮਾਰ ਆਦਿ ਹਾਜ਼ਰ ਸਨ।

# ਦਵੇਸਰ ਮੋਦਗਿਲ ਬਰਾਦਰੀ ਦੀ ਸਾਲਾਨਾ ਮੇਲ 19 ਜੂਨ ਨੂੰ

**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**



ਦਵੇਸਰ, ਸੁਜਾਨਪੁਰ ਬ੍ਰਾਹਮਣ, ਮੋਦਗਿਲ ਬਰਾਦਰੀ ਦੀ ਸਲਾਨਾ ਮੇਲ 19 ਜੂਨ ਨੂੰ ਹੋਵੇਗੀ ਜਾਣਕਾਰੀ ਦਿੰਦਿਆਂ ਅਸ਼ੋਕ ਕੁਮਾਰ ਦਵੇਸਰ ,ਪਵਨ ਦਵੇਸਰ,ਵਿਜੈ ਦਵੇਸਰ, ਰਵੀ ਦਵੇਸਰ, ਰਜੇਸ਼ ਦਵੇਸਰ,ਪ੍ਰਿੰਸ ਦਵੇਸਰ, ਦਨੇਸ਼ ਦਵੇਸਰ,ਕਰਨ ਦਵੇਸਰ, ਗਿੱਫਟੂ ਦਵੇਸਰ,ਅਸ਼ਵਨੀ ਦਵੇਸਰ , ਅਭਿਨਵ ਦਵੇਸਰ ਆਦਿ ਨੇ ਦੱਸਿਆ ਕਿ ਸਲਾਨਾ ਮੇਲਾ ਕੁਲਦੇਵਤਾ ਜੀ ਦੇ ਮੰਦਿਰ ਪਿੰਡ ਅਖਲਾਸ਼ਪੁਰ ਨੇੜੇ ਧਾਰੀਵਾਲ ਜਿਲਾ ਗੁਰਦਾਸਪੁਰ ਵਿਖੇ ਹੋਵੇਗਾ ਹਵਨ ਯੱਗ ਸਵੇਰੇ 7 ਵਜੇ ਕੁਲ ਦੇਵਤਾ ਮੰਦਰ ਵਿੱਚ ਸ਼ੁਰੂ ਹੋਵੇਗਾ ਅਤੇ ਕੀਰਤਨ ਉਪਰੰਤ ਲੰਗਰ ਭੰਡਾਰਾ ਹੋਵੇਗਾ।

ਅਦਾਰਾ ‘ਲੋਕ ਬਾਣੀ’ ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ’ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,



## ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਵੱਲੋ ਸਲਾਟਰ ਹਾਊਸ, ਕਾਰਕਸ ਪਲਾਂਟ ਅਤੇ ਏ.ਬੀ.ਸੀ. ਸੈਂਟਰ ਦਾ ਕੀਤਾ ਗਿਆ ਨੀਰੀਖਣ

**ਲੁਧਿਆਣਾ/ਸੁਖਚੈਨ ਮਹਿਰਾ**

ਨਗਰ ਨਿਗਮ ਲੁਧਿਆਣਾ ਦੇ ਸੰਯੁਕਤ ਕਮਿਸ਼ਨਰ ਡਾ. ਪੂਨਮ ਪ੍ਰੀਤ ਕੌਰ ਵੱਲੋ ਸਲਾਟਰ ਹਾਊਸ, ਕਾਰਕਸ ਪਲਾਂਟ ਅਤੇ ਏ.ਬੀ.ਸੀ. ਸੈਂਟਰ ਦਾ ਨੀਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਐਮ.ਓ.ਐਚ ਡਾ. ਵਿਪੁਲ ਮਲਹੋ?ਤਰਾ, ਐਸ.ਵੀ.ਓ. ਸ਼੍ਰੀ ਐਚ.ਐਸ. ਫੱਲਾ, ਐਸ.ਆਈ ਸ਼੍ਰੀ ਗੁਰਚਰਨ ਸਿੰਘ ਅਤੇ ਕਾਰਕਸ ਪਲਾਂਟ ਦੇ ਸ਼੍ਰੀ ਦਵਿੰਦਰ ਸਿੰਘ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਨਗਰ ਨਿਗਮ ਕਮਿਸ਼ਨਰ ਵੱਲੋ ਹਾਲ ਹੀ ਵਿੱਚ ਜੋ ਬਰਾਂਚਾਂ ਦੀ ਵੰਡ ਕੀਤੀ ਗਈ ਹੈ ਉਨ੍ਹਾਂ ਵਿੱਚ ਸਿਹਤ ਸ਼ਾਖਾ ਦਾ ਚਾਰਜ ਡਾ. ਪੂਨਮਪ੍ਰੀਤ ਕੌਰ, ਜੁਆਇੰਟ ਕਮਿਸ਼ਨਰ, ਨਗਰ ਨਿਗਮ ਲੁਧਿਆਣਾ ਨੂੰ ਦਿੱਤਾ ਗਿਆ ਹੈ ਅਤੇ ਉਨ੍ਹਾਂ ਵੱਲੋਂ ਚਾਰਜ਼ ਸੰਭਾਲਦਿਆਂ ਹੀ ਸਾਈਟ ਵਿਜਟ ਸੁਰੂ ਕਰ ਦਿੱਤੀਆਂ ਗਈਆਂ ਹਨ ਤਾਂ ਜੋ ਪੈਂਡਿੰਗ ਪਏ ਕੰਮਾਂ ਨੂੰ ਜਲਦ ਸ਼ੁਰੂ ਕਰਵਾਇਆ ਜਾ ਸਕੇ॥

ਸਲਾਟਰ ਹਾਊਸ ਨੂੰ ਚਾਲੂ ਕਰਵਾਉਣ ਸਬੰਧੀ ਜਲਦ ਹੀ ਵੱਖ-2 ਮੀਟ ਹਾਊਸ/ ਦੁਕਾਨਦਾਰਾਂ ਨਾਲ ਮੀਟਿੰਗ ਕੀਤੀ ਜਾਵੇਗੀ ਤਾਂ ਜੋ ਉਹ ਆਪਣੇ ਪਸ਼ੂ/ਜਾਨਵਰ ਨੂੰ ਸਲਾਟਰ ਹਾਊਸ ਵਿੱਚ ਲਿਆਉਣ ਅਤੇ ਸਲਾਟਰ ਹਾਊਸ ਤੋ ਹੀ ਪ੍ਰਵਾਨਗੀ ਉਪਰੰਤ ਮੀਟ ਨੂੰ, ਮੀਟ ਹਾਊਸ/ਦੁਕਾਨਦਾਰਾਂ ਵੱਲੋ ਮਾਰਕੀਟ ਵਿੱਚ ਹਾਈਜੀਨਿਕ ਤਰੀਕੇ ਜਾਂ ਕੋਲਡ ਸਟੋਰ ਦੇ ਮਾਧਿਅਮ ਰਾਹੀਂ ਹੀ ਵੱਖ-ਵੱਖ ਥਾਂਵਾਂ @ਤੇ ਭੇਜਿਆ ਜਾਵੇ, ਜਿਸ ਸਬੰਧੀ ਮੀਟ ਹਾਊਸ/ਮੀਟ ਵਿਕਰੇਤਾ ਦੁਕਾਨਦਾਰਾਂ ਨਾਲ ਵੀ ਜਲਦ ਮੀਟਿੰਗ ਕੀਤੀ ਜਾਵੇਗੀ ਤਾਂ ਜੋ ਗੈਰ ਕਾਨੂੰਨੀ ਢੰਗ ਨਾਲ ਦੁਕਾਨਾਂ ਚਲ ਰਹੀਆਂ ਹਨ ਉਨ੍ਹਾਂ 'ਤੇ ਜਲਦ ਕਾਰਵਾਈ ਕੀਤੀ ਜਾ ਸਕੇ। ਇਸ ਤੋ ਇਲਾਵਾ ਉਨ੍ਹਾਂ ਗਊਸ਼ਾਲਾਵਾਂ ਦੇ ਨੁਮਾਇੰਦਿਆਂ ਅਤੇ ਆਮ ਪਬਲਿਕ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕੋਈ ਵੀ ਮੁਰਦਾ ਜਾਨਵਰ ਮਿਲਦਾ ਹੈ ਤਾਂ ਉਹ ਤੁਰੰਤ ਨਗਰ ਨਿਗਮ, ਲੁਧਿਆਣਾ ਨੂੰ ਸੂਚਿਤ ਕਰਨ ਤਾਂ ਜੋ ਉਹ ਕਾਰਕਸ ਪਲਾਂਟ ਨੂੰ ਸਪੁਰਦ ਕੀਤਾ ਜਾ ਸਕੇ।

## ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਵੱਲੋਂ ਸਵੱਛਤਾ ਅਭਿਆਨ ਮੁਹਿਮ ਚਲਾਈ




**ਦੀਨਾਨਗਰ/ਡਾ.ਰਮੇਸ਼ ਸਰੰਗਲ**

ਏਕ ਭਾਰਤ ਸ੍ਰੇਸ਼ਠ ਭਾਰਤ ਕਲੱਬ ਵੱਲੋਂ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਪੁਨੀਤ ਸਾਗਰ ਅਭਿਆਨ ਤਹਿਤ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਦੇ ਐਨ.ਸੀ.ਸੀ ਵਿਭਾਗ ਵੱਲੋਂ ਲੋਕਾਂ ਨੂੰ ਸਾਫ਼ ਪਾਣੀ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਇੱਕ ਸਫ਼ਾਈ ਮੁਹਿੰਮ ਚਲਾਇਆ ਗਿਆ ਵਨ ਪੰਜਾਬ ਗਰਲਜ਼ ਬਟਾਲੀਅਨ ਐਨ.ਸੀ.ਸੀ. ਵੱਲੋਂ ਐਨ.ਸੀ.ਸੀ. ਦੀ 75ਵੀਂ ਵਰ੍ਹੇਗੰਢ ਮਨਾਉਣ ਲਈ ਦਿੱਤੇ ਗਏ ਪ੍ਰੋਗਰਾਮ ਤਹਿਤ ਇਹ ਪਹਿਲਾ ਪ੍ਰੋਗਰਾਮ ਕਰਵਾਇਆ ਗਿਆ ਐਨਈਸੀਸੀ ਦੇ ਕੈਡਿਟਾਂ ਨੇ ਦਯਾਨੰਦ ਮੱਠ ਨੇੜੇ ਡਰੇਨ ਦੀ ਸਫਾਈ ਕੀਤੀ ਕੈਡਿਟਾਂ ਨੇ ਪਲਾਸਟਿਕ ਇਕੱਠਾ ਕਰਕੇ ਡਰੇਨ ਦੀ ਸਫਾਈ ਕੀਤੀ ਅਤੇ ਪਲਾਸਟਿਕ ਤੋਂ ਪਲਾਸਟਿਕ ਦੀਆਂ ਇੱਟਾਂ ਬਣਾਈਆਂ, ਪਲਾਸਟਿਕ ਦੀਆਂ ਬੋਤਲਾਂ ਤੋਂ ਝਾੜੂ ਬਣਾਏ ਅਤੇ ਪਲਾਸਟਿਕ ਦੇ ਫੁੱਲ ਵੀ ਬਣਾਏ ਕੂੜੇ ਦੇ ਟਾਇਰਾਂ ਨੂੰ ਪੇਂਟ ਕਰਕੇ ਸੁੰਦਰ ਮੇਜ਼ ਬਣਾਇਆ ਗਿਆ ਸੀ ਇਸ ਤਰ੍ਹਾਂ ਕੈਡਿਟਾਂ ਨੇ ਨੌਜਵਾਨਾਂ ਨੂੰ ਪਲਾਸਟਿਕ ਦੀ ਮੁੜ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।

ਸਵਾਮੀ ਸਦਾਨੰਦ ਜੀ ਪ੍ਰਧਾਨ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ, ਦੀਨਾਨਗਰ, ਨੇ ਇਸ ਮੁਹਿੰਮ ਵਿੱਚ ਸ਼ਾਮਲ ਹੋ ਕੇ ਕੈਡਿਟਾਂ ਵਿੱਚ ਇੱਕ ਨਵੀਂ ਰੂਹ ਫੂਕੀ ਉਨ੍ਹਾਂ ਵਿਦਿਆਰਥਣਾਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਸਾਨੂੰ ਵੀ ਆਪਣੇ ਮਨ ਨੂੰ ਸਾਫ਼ ਕਰਨ ਦੀ ਲੋੜ ਹੈ ਇੱਕ ਵਾਰ ਜਦੋਂ ਸਾਡਾ ਮਨ ਸ਼ੁੱਧ ਅਤੇ ਸਾਫ਼ ਹੋ ਜਾਂਦਾ ਹੈ ਤਾਂ ਅਸੀਂ ਆਪਣੇ ਆਲੇ ਦੁਆਲੇ ਹਰ ਚੀਜ਼ ਵਿੱਚ ਪ੍ਰਮਾਤਮਾ ਦਾ ਪ੍ਰਤੀਬਿੰਬ ਦੇਖਦੇ ਹਾਂ ਅਤੇ ਉਸਨੂੰ ਸਾਫ਼ ਰੱਖਦੇ ਹਾਂ ਸਾਨੂੰ ਪਾਣੀ ਦੇ ਸੋਮਿਆਂ ਨੂੰ ਸਾਫ਼ ਰੱਖਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ

ਇਸ ਮੌਕੇ ਪਿ?ਸੀਪਲ ਡਾ: ਰੀਨਾ ਤਲਵਾੜ ਨੇ ਕਿਹਾ ਕਿ ਜੇਕਰ ਅਸੀਂ ਸਿਹਤਮੰਦ ਅਤੇ ਸਵੱਛ ਭਾਰਤ ਦਾ ਨਿਰਮਾਣ ਕਰਨਾ ਚਾਹੁੰਦੇ ਹਾਂ ਤਾਂ ਸਾਨੂੰ ਪਲਾਸਟਿਕ ਦੀ ਵਰਤੋਂ ਨੂੰ ਘੱਟ ਕਰਨਾ ਹੋਵੇਗਾ ਅਤੇ ਆਪਣੇ ਆਲੇ-ਦੁਆਲੇ ਦੇ ਸਾਧਨਾਂ ਦੀ ਸਹੀ ਵਰਤੋਂ ਕਰਕੇ ਵਿਕਾਸ ਵੱਲ ਵਧਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ ਐਨ.ਸੀ.ਸੀ ਦੇ ਏ.ਐਨ.ਓ ਲੈਫਟੀਨੈਂਟ ਡਾ: ਅੰਜਨਾ ਮਲਹੋਤਰਾ ਨੇ ਕਿਹਾ ਕਿ ਨਦੀਆਂ ਅਤੇ ਨਾਲੇ ਜੀਵਨ ਦਾ ਸਰੋਤ ਹਨ, ਇਨ੍ਹਾਂ ਨੂੰ ਸਾਫ਼ ਰੱਖਣਾ ਹਰ ਨਾਗਰਿਕ ਦਾ ਫਰਜ਼ ਹੈ ਕਿਉਂਕਿ ਸਾਫ਼ ਪਾਣੀ ਜੀਵਨ ਦੀ ਮੁੱਢਲੀ ਲੋੜ ਹੈ ।

## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਅੱਜ

**ਜਲੰਧਰ/ਸੰਜੇ ਰਾਜਪੂਤ**

ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਦੇ ਮੰਤਵ ਨਾਲ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਕੱਲ 17 ਜੂਨ ਨੂੰ ਆਪਣੇ ਦਫ਼ਤਰ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਨੌਜਵਾਨਾਂ ਦੀ ਰੋਜ਼ਗਾਰ ਲਈ ਚੋਣ ਕੀਤੀ ਜਾਵੇਗੀ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਜਸਵੰਤ ਰਾਏ ਨੇ ਦੱਸਿਆ ਕਿ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਬਿਊਰੋ ਦੇ ਦਫ਼ਤਰ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਡ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਸ਼ਿਰਕਤ ਕੀਤੀ ਜਾਵੇਗੀ ਉਨ੍ਹਾਂ ਦੱਸਿਆ ਕਿ ਸੇਲਜ਼ ਅਫ਼ਸਰ/ਓਪਰੇਸ਼ਨਜ਼/ਕੈਸ਼ ਟੈਲਰ/ਪਰਸਨਲ ਬੈਂਕਰ ਦੀਆਂ ਕੁੱਲ 50 ਅਸਾਮੀਆਂ ਲਈ ਬੀ.ਬੀ.ਏ./ਬੀ.ਕਾਮ/ਐਮ.ਬੀ.ਏ./ਐਮ.ਕਾਮ ਵਿੱਦਿਅਕ ਯੋਗਤਾ ਵਾਲੇ 18-28 ਸਾਲ ਉਮਰ ਦੇ ਨੌਜਵਾਨ ਲੜਕੇ-ਲੜਕੀਆਂ ਭਾਗ ਲੈ ਭਾਗ ਲੈ ਸਕਦੇ ਹਨ। ਡਿਪਟੀ ਡਾਇਰੈਕਟਰ ਨੇ ਨੌਜਵਾਨਾਂ ਨੂੰ ਇਸ ਸੁਨਹਿਰੀ ਮੌਕੇ ਦਾ ਲਾਭ ਲੈਣ ਦੀ ਅਪੀਲ ਕਰਦਿਆਂ ਕੈਂਪ ਵਿੱਚ ਵਧ-ਚੜ੍ਹ ਕੇ ਭਾਗ ਲੈਣ ਦਾ ਸੱਦਾ ਦਿੱਤਾ ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਉਮੀਦਵਾਰ ਦਫ਼ਤਰ ਦੇ ਹੈਲਪਲਾਈਨ ਨੰ. 90569-20100 'ਤੇ ਸੰਪਰਕ ਕਰ ਸਕਦੇ ਹਨ।

## ਇਸਤਰੀ ਅਕਾਲੀਦਲ ਦੀਆਂ ਆਗੂ ਵਰਕਰਾਂ ਵਲੋਂ ਉਮੀਦਵਾਰ ਬੀਬਾ ਕਮਲਦੀਪ ਕੌਰ ਰਾਜੋਆਣਾ ਦੇ ਹੱਕ ਵਿੱਚ ਬਰਨਾਲਾ ਭਦੌੜ ਹਲਕੇ ਵਿਚ ਚੋਣ ਪ੍ਰਚਾਰ ਕੀਤਾ

**ਬਰਨਾਲਾ/ਕਰਨਪ੍ਰੀਤ ਧੰਦਰਾਲ**

ਲੋਕ ਸਭ ਹਲਕਾ ਸੰਗਰੂਰ ਤੋਂ ਅਕਾਲੀ ਦਲ ਤੇ ਬਸਪਾ ਗਠਜੋੜ ਦੇ ਉਮੀਦਵਾਰ ਬੀਬਾ ਕਮਲਦੀਪ ਕੌਰ ਰਾਜੋਆਣਾ ਦੀ ਚੋਣ ਮੁਹਿੰਮ ਤਹਿਤ ਭਦੌੜ, ਬਰਨਾਲਾ, ਮਹਿਲ ਕਲਾਂ ਤੇ ਮਾਲੇਰਕੋਟਲ ਵਿੱਚ ਵਰਕਰ ਮੀਟਿੰਗਾਂ ਕਰਦਿਆਂ ਇਸਤਰੀ ਅਕਾਲੀਦਲ ਦੀਆਂ ਆਗੂ ਵਰਕਰਾਂ ਵਲੋਂ ਬਰਨਾਲਾ ਭਦੌੜ ਹਲਕੇ ਵਿਚ ਚੋਣ ਪ੍ਰਚਾਰ ਕੀਤਾ ! ਇਸ ਮੌਕੇ ਇਸਤਰੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਬੀਬੀ ਪਰਮਿੰਦਰ ਕੌਰ ਰੁਪਾਣਾ ,ਜਥੇਬੰਦਕ ਸਕੱਤਰ ਅਨੀਤਾ ਮੱਟੂ ,ਸਕੱਤਰ ਪਰਮਜੀਤ ਭੋਤਨਾ,ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਮਤਭੇਦ ਭੁਲਾ ਕੇ ਪਿਛਲੇ ਦੋ ਦਹਾਕਿਆਂ ਤੋਂ ਜੇਲ੍ਹਾਂ ਵਿਚ ਬੰਦ ਬੰਦੀ ਸਿੰਘਾਂ ਨੂੰ ਉਹਨਾਂ ਦੇ ਪਰਿਵਾਰਾਂ ਨਾਲ ਮਿਲਣ ਦਾ ਮੌਕਾ ਦੇਣ ਭਾਈ ਬਲਵੰਤ ਸਿੰਘ ਰਾਜੋਆਣਾ 28 ਸਾਲਾਂ ਤੋਂ ਜੇਲ੍ਹ ਵਿਚ ਬੰਦ ਹਨ ਤੇ ਸੁਪਰੀਮ ਕੋਰਟ ਵੱਲੋਂ ਸ਼੍ਰੋਮਣੀ ਕਮੇਟੀ ਵੱਲੋਂ 2012 ਵਿਚ ਦਾਇਰ ਰਹਿਮ ਦੀ ਅਪੀਲ 'ਤੇ ਕੇਂਦਰ



ਸਰਕਾਰ ਨੂੰ ਫੈਸਲਾ ਲੈਣ ਦੀ ਵਾਰ ਵਾਰ ਹਦਾਇਤ ਕਰਨ ਦੇ ਬਾਵਜੂਦ ਵੀ ਉਹਨਾਂ ਦੀ ਰਿਹਾਈ ਨਹੀਂ ਹੋ ਪਾ ਰਹੀ ! ਪੰਜਾਬ ਦੀ ਆਪ ਸਰਕਾਰ ਦੀ ਵਾਗਡੋਰ ਆਮ ਆਦਮੀ ਪਾਰਟੀ ਦੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਹੱਥ ਵਿਚ ਹੈ ਜੋ ਪੰਜਾਬ ਮਾਮਲਿਆਂ ਵਿਚ ਸਾਰੇ ਫੈਸਲਾ ਲੈ ਰਹੇ ਹਨ ਉਹਨਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਕੱਖ ਵੀ ਨਹੀਂ ਕੀਤਾ ਜਾ ਰਿਹਾ ਤੇ ਹਰ ਰੋਜ਼ ਪ੍ਰਾਪਤੀਆਂ ਦੇ ਵੱਡੇ ਵੱਡੇ ਇਸ਼ਤਿਹਾਰ ਜਾਰੀ ਕੀਤੇ ਜਾ ਰਹੇ ਹਨ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ, ਅਤੇ ਕਾਂਗਰਸ ਦੇ ਲਾਰਿਆਂ ਤੋਂ ਦੁਖੀ ਹੋ ਕੇ ਚੁੱਕੇ ਹਨ ਅਤੇ ਅਕਾਲੀ ਦਲ ਹੀ ਪੰਜਾਬ ਦੇ ਲੋਕਾਂ ਦੀ ਇਕੋ ਇਕ ਉਮੀਦ ਹੈ।

## ਗੈਰ- ਸੰਗਠਿਤ ਕਿਰਤੀਆਂ ਦੀ e SHRAM ਪੋਰਟਲ ਰਜਿਸਟਰੇਸ਼ਨ ਕਰਨ ਲਈ ਵਿਸ਼ੇਸ਼ ਕੈਂਪ ਲੱਗਾ



**ਗੁਰਦਾਸਪੁਰ/ਨਵਨੀਤ ਕੁਮਾਰ**

ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ -ਨਿਰਦੇਸਾਂ ਹੇਠ ਗੈਰ-ਸੰਗਠਿਤ ਕਿਰਤੀਆਂ ਦੀ ਨੈਸ਼ਨਲ ਡਾਟਾਬੇਸ ਆਫ਼ ਅਨ-ਆਰਗੇਨਾਈਜ਼ਡ ਵਰਕਰ (e SHRAM ) ਤਹਿਤ ਰਜਿਸਟਰੇਸ਼ਨ ਕਰਨ ਸਬੰਧੀ ਜ਼ਿਲ੍ਹੇ ਦੇ 11 ਸੀ.ਡੀ.ਪੀ.ਓ. ਦਫ਼ਤਰਾਂ ਵਿੱਚ ਕਾਮਨ ਸਰਵਿਸ਼ ਸੈਂਟਰ ਵੱਲੋਂ ਵਿਸ਼ੇਸ਼ ਕੈਂਪ ਲਗਾਏ ਗਏ, ਜਿਸ ਵਿੱਚ 307 ਆਂਗਣਵਾੜੀ ਕਰਵਰਾਂ ਦੀ ਰਜਿਸਟਰੇਸ਼ਨ ਕੀਤੀ ਗਈ॥ ਇਸ ਸਬੰਧੀ ਜਾਣਕਾਰੀ ਦਿੰਦਿਆ ਸਹਾਇਕ ਲੇਬਰ ਕਮਿਸ਼ਨਰ ਕੁੰਵਰ ਡਾਵਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵੱਲੋਂ ਜਾਰੀ ਆਦੇਸਾ ਤਹਿਤ ਵੱਖ-ਵੱਖ ਵਿਭਾਗਾਂ ਨੂੰ ਗੈਰ -ਸੰਗਠਿਤ ਕਿਰਤੀਆਂ ਦੀ ਵੱਧ ਤੋਂ ਵੱਧ ਰਜਿਸਟਰੇਸ਼ਨ ਕਰਨ ਦੇ ਆਦੇਸ਼ ਦਿੱਤੇ ਗਏ ਉਨ੍ਹਾਂ ਅੱਗੇ ਦੱਸਿਆ ਕਿ ਕੱਲ ਸਿਹਤ ਵਿਭਾਗ ਵਿੱਚ ਕੰਮ ਕਰਦੀਆਂ ਆਸ਼ਾ ਵਰਕਰਾਂ ਲਈ ਕੱਲ ਤੋਂ ਵਿਸ਼ੇਸ਼ ਕੈਂਪ ਲਗਾਏ ਜਾਣਗੇ ਜਿਸ ਤਹਿਤ ਕੱਲ 17 ਜੂਨ ਨੂੰ ਦੋਰਾਂਗਲਾ ਅਤੇ ਬਹਿਰਾਮਪੁਰ , 18 ਜੂਨ ਨੂੰ ਰਣਜੀਤ ਬਾਗ ਅਤੇ ਗੁਰਦਾਸਪੁਰ , 20 ਜੂਨ ਨੂੰ ਕਾਹਨੂੰਵਾਨ ਅਤੇ ਭਾਮ , 21 ਜੂਨ ਨੂੰ ਭੁੱਲਰ ਅਤੇ ਬਟਾਲਾ, 23 ਜੂਨ ਨੂੰ ਨੌਸ਼ਹਿਰਾ ਮੱਝਾ ਸਿੰਘ ਅਤੇ ਧਿਆਨਪੁਰ ਅਤੇ 24 ਜੂਨ ਨੂੰ ਫਹਿਤਗੜ੍ਹ ਚੂੜੀਆ ਅਤੇ ਕਲਾਨੋਰ ਵਿਸ਼ੇਸ਼ ਕੈਂਪ ਲੱਗਣਗੇ।

# ਲੋਕ ਸਭਾ ਹਲਕਾ ਸੰਗਰੂਰ ਜ਼ਿਮਨੀ ਚੋਣ ਲਈ ਮੁੱਖਮੰਤਰੀ ਭਗਵੰਤ ਮਾਨ ਦਾ ਰੋਡ ਸ਼ੋ ਬਰਨਾਲਾ ਹਲਕੇ ਚੋਂ ਸ਼ੁਰੂ ਹੋਇਆ



**ਬਰਨਾਲਾ/ਕਰਨਪ੍ਰੀਤ ਧੰਦਰਾਲ**

ਲੋਕ ਸਭਾ ਹਲਕਾ ਸੰਗਰੂਰ ਜ਼ਿਮਨੀ ਚੋਣ ਲਈ ਭਦੌੜ ਤੇ ਬਰਨਾਲਾ ਦੇ 23 ਪਿੰਡਾਂ @ਚ ਮੁੱਖ ਮੰਤਰੀ ਭਗਵੰਤ ਮਾਨ ਦਾ ਰੋਡ ਸ਼ੋਅ ਨਿਕਲਿਆ ਉਹ ਸੰਗਰੂਰ ਲੋਕ ਸਭਾ ਸੀਟ ਦੀ ਜ਼ਿਮਨੀ ਚੋਣ @ਚ @ਆਪ@ ਉਮੀਦਵਾਰ ਗੁਰਮੇਲ ਸਿੰਘ ਲਈ ਜਨ ਸਮਰਥਨ ਚ ਵੋਟ ਮੰਗਣ ਪਹੁੰਚੇ ਸਨ 23 ਜੂਨ ਨੂੰ ਲੋਕ ਸਭਾ ਹਲਕਾ ਸੰਗਰੂਰ 'ਚ ਹੋ ਰਹੀਆਂ ਜ਼ਿਮਨੀ ਚੋਣਾਂ 'ਚ ਆਮ ਆਦਮੀ ਪਾਰਟੀ ਵਲੋਂ ਉਮੀਦਵਾਰ ਗੁਰਮੇਲ ਸਿੰਘ ਘਰਾਚੋਂ ਦੇ ਹੱਕ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਰਨਾਲਾ ਜ਼ਿਲ੍ਹੇ ਦੇ ਹਲਕਾ ਭਦੌੜ ਦੀ ਅਨਾਜ਼ ਮੰਡੀ 'ਚ ਚੋਣ ਪ੍ਰਚਾਰ ਸ਼ੁਰੂ ਕਰਦਿਆਂ ਰੋਡ ਸ਼ੌਅ ਕੱਢਿਆ ਇਹ ਰੋਡ ਸ਼ੌਅ ਅਨਾਜ਼ ਮੰਡੀ ਤੋਂ ਸ਼ੁਰੂ ਹੋਕੇ ਸ਼ਹਿਣਾ, ਪੱਖੋਂ ਕੈਂਚੀਆਂ, ਉੱਗੋਕੇ, ਢਿੱਲਵਾਂ, ਤਪਾ ਮੰਡੀ, ਤਾਜੋਕੇ, ਪੱਖੋਂ ਕਲਾਂ, ਰੂੜੇਕੇ ਕਲਾਂ, ਧੌਲਾ, ਹੰਡਿਆਇਆ, ਕਚਿਹਰੀ ਚੌਂਕ, ਬਰਨਾਲਾ, ਸਦਰ ਬਜ਼ਾਰ, ਸੰਧੂ ਪੱਤੀ, ਸੰਘੇੜਾ, ਕਰਮਗੜ੍ਹ,ਨੰਗਲ, ਝਲੂਰ, ਸੇਖਾ, ਫ਼ਰਵਾਹੀ, ਰਾਜਗੜ੍ਹ, ਉੱਪਲੀ, ਕੱਟੂ ਆਦਿ ਪਿੰਡਾਂ 'ਚੋਂ ਗੁਜ਼ਰਿਆ ਭਗਵੰਤ ਮਾਨ ਨੇ ਲੋਕਾਂ ਨਾਲ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੇਲ ਸਿੰਘ ਘਰਾਚੋਂ ਲਈ ਵੋਟਾਂ ਮੰਗੀਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਭਗਵੰਤ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨਾਲ ਜਿੰਨ੍ਹਾਂ ਮੰਤਰੀਆਂ ਨੇ ਗਲਤ ਕੰਮ ਕੀਤੇ ਹਨ, ਉਨ੍ਹਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਇਸਦੀ ਜਾਂਚ ਏਜੰਸੀਆਂ ਰਾਹੀਂ ਨਿਰਪੱਖ ਜਾਂਚ ਕਰਵਾਈ ਜਾਵੇਗੀ ਤੇ ਭ੍ਰਿਸ਼ਟਾਚਾਰ ਜਾਂ ਕਿਸੇ ਹੋਰ ਗਲਤ ਕੰਮ 'ਚ ਸ਼ਮੂਲੀਅਤ ਹੋਣ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ 'ਆਪ' ਵਰਕਰਾਂ ਦਾ ਸੀਐਮ ਨਾਲ ਲੰਮਾ ਕਾਫ਼ਲਾ ਰਿਹਾ

ਰੋਡ ਸ਼ੋਅ ਦੌਰਾਨ ਆਪਣੇ ਸੰਬੋਧਨ 'ਚ ਮਾਨ ਨੇ ਕਿਹਾ ਕਿ ਉਹ ਪੰਜਾਬ ਵਿੱਚ ਬਹੁਤ ਸਾਰੇ ਭ੍ਰਿਸ਼ਟ ਲੋਕਾਂ ਦੇ ਚੇਹਰੇ ਦਾ ਨਕਾਬ ਲਾਹੁਣਗੇ ਕਈਆਂ ਨੂੰ ਜੇਲ੍ਹ ਭੇਜਣ ਦੀ ਤਿਆਰੀ ਹੈ ਉਨ੍ਹਾਂ ਦਾਅਵਾ ਕੀਤਾ ਕਿ ਉਹ ਇਨ੍ਹਾਂ ਭ੍ਰਿਸ਼ਟਾਚਾਰੀਆਂ ਨੂੰ ਜ਼ਮਾਨਤ ਵੀ ਨਹੀਂ ਲੈਣ ਦੇਣਗੇ ਓਧਰ ਕਾਂਗਰਸ ਦੇ ਸਾਬਕਾ ਵਿਧਾਇਕ ਦਲਵੀਰ ਗੋਲਡੀ ਚੋਣ ਮੈਦਾਨ 'ਚ ਹਨ, ਜਦਕਿ ਸ਼੍ਰੋਮਣੀ ਅਕਾਲੀ ਦਲ ਨੇ ਸਾਬਕਾ ਮੁੱਖਮੰਤਰੀ ਬੇਅੰਤ ਸਿੰਘ ਦੀ ਹੱਤਿਆ 'ਚ ਸ਼ਾਮਲ ਬਲਵੰਤ ਸਿੰਘ ਰਾਜੋਆਣਾ ਦੀ ਭੈਣ ਕਮਲਦੀਪ ਕੌਰ ਨੂੰ ਚੋਣ ਮੈਦਾਨ 'ਚ ਉਤਾਰਿਆ ਹੈ ਭਾਰਤੀ ਜਨਤਾ ਪਾਰਟੀ ਨੇ ਵੀ ਕਾਂਗਰਸ ਤੋਂ ਆਏ ਸਾਬਕਾ ਵਿਧਾਇਕ ਕੇਵਲ ਸਿੰਘ ਢਿੱਲੋਂ ਨੂੰ ਚੋਣ ਮੈਦਾਨ 'ਚ ਉਤਾਰਿਆ ਹੈ ਇਸ ਤੋਂ ਇਲਾਵਾ ਸਿਮਰਨਜੀਤ ਸਿੰਘ ਮਾਨ ਵੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਲੋਂ ਪਾਰਟੀ ਦੇ ਉਮੀਦਵਾਰ ਹਨ ਇੱਥੇ ਵਰਨਣਯੋਗ ਗੱਲ ਹੈ ਕਿ ਸ ਗੁਰਮੇਲ ਸਿੰਘ ਘਰਾਚੋਂ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਨਾਲ ਜੁੜੇ ਹੋਏ ਹਨ ।

# ਕੇਂਦਰੀ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਜਾਵੇ : ਸੰਤੋਖ ਸਿੰਘ ਚੌਧਰੀ

**ਜਲੰਧਰ/ਸੰਜੇ ਰਾਜਪੂਤ**:- ਲੋਕ ਸਭਾ ਮੈਂਬਰ ਸੰਤੋਖ ਸਿੰਘ ਚੌਧਰੀ ਨੇ ਅੱਜ ਜ਼ਿਲ੍ਹੇ ਵਿੱਚ ਕੇਂਦਰ ਸਰਕਾਰ ਦੀ ਸਹਾਇਤਾ ਨਾਲ ਚੱਲ ਰਹੀਆਂ ਵੱਖ-ਵੱਖ ਸਕੀਮਾਂ ਅਤੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੇਂਦਰੀ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਜਾਵੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਰਗਾਨ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸੰਸਦ ਮੈਂਬਰ ਨੇ ਕੇਂਦਰੀ ਪ੍ਰਾਯੋਜਿਤ ਪ੍ਰੋਗਰਾਮਾਂ ਦੀ ਸਾਲ 2022-23 ਦੀ ਪਹਿਲੀ ਤਿਮਾਹੀ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਇਸ ਮੌਕੇ ਉਨ੍ਹਾਂ ਨਾਲ ਮੇਅਰ ਜਗਦੀਸ਼ ਰਾਜ ਰਾਜਾ ਅਤੇ ਡਿਪਟੀ ਕਮਿਸ਼ਨਰ ਘਨਸ਼ਿਆਮ ਥੋਰੀ ਵੀ ਮੌਜੂਦ ਸਨ ਸੰਸਦ ਮੈਂਬਰ ਨੇ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਸਮੁੱਚੇ ਕਾਰਜਾਂ ਦੀ ਗੁਣਵੱਤਾ ਨੂੰ ਬਰਕਰਾਰ ਰੱਖਦੇ ਹੋਏ ਇਨ੍ਹਾਂ ਵਿੱਚ ਤੇਜ਼ੀ ਲਿਆਉਂਦਿਆਂ ਪ੍ਰਾਜੈਕਟਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਨੂੰ ਯਕੀਨੀ ਬਣਾਇਆ ਜਾਵੇ। ਸੰਤੋਖ ਸਿੰਘ ਚੌਧਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਨ੍ਹਾਂ ਸਕੀਮਾਂ ਸਬੰਧੀ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕੀਤੀ ਜਾਵੇ ਤਾਂ ਜੋ ਹੇਠਲੇ ਪੱਧਰ ਤੱਕ ਲੋਕਾਂ ਨੂੰ ਇਨ੍ਹਾਂ ਯੋਜਨਾਵਾਂ ਦਾ ਲਾਭ ਮਿਲ ਸਕੇ ਖਾਸ ਕਰ ਨੌਜਵਾਨਾਂ ਨੂੰ ਸਵੈ ਰੋਜ਼ਗਾਰ ਲਈ ਕਰਜ਼ੇ, ਸਿਖਲਾਈ ਪ੍ਰਦਾਨ ਕਰਨ ਸਬੰਧੀ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਇਨ੍ਹਾਂ ਯੋਜਨਾਵਾਂ ਦਾ ਲਾਭ ਲੈ ਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣ ਉਨ੍ਹਾਂ ਸਾਰੇ ਵਿਭਾਗਾਂ ਖ਼ਾਸਕਰ ਨਗਰ ਨਿਗਮ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ, ਸਿਹਤ, ਖ਼ੁਰਾਕ ਸਪਲਾਈ, ਪੇਂਡੂ ਵਿਕਾਸ ਆਦਿ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਨ੍ਹਾਂ ਦੇ ਵਿਭਾਗਾਂ ਅਧੀਨ ਆਉਂਦੀਆਂ ਕੇਂਦਰੀ ਸਕੀਮਾਂ ਦਾ ਲੋੜਵੰਦ ਅਤੇ ਯੋਗ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਮਿਲਣਾ ਚਾਹੀਦਾ ਹੈ ਇਸ ਦੇ ਨਾਲ ਹੀ ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਇਮਾਨਦਾਰੀ, ਤਨਦੇਹੀ ਅਤੇ ਸਮਾਂਬੱਧ ਤਰੀਕੇ ਨਾਲ ਕਰਨ ਲਈ ਵੀ ਪ੍ਰੇਰਿਆ। ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਚੱਲ ਰਹੀਆਂ ਕੇਂਦਰੀ ਸਕੀਮਾਂ ਦੀ ਪ੍ਰਗਤੀ ਬਾਰੇ ਪਾਵਰ ਪੁਆਇੰਟ ਪ੍ਰੈਜ਼ੈਨਟੇਸ਼ਨ ਰਾਹੀਂ ਜਾਣਕਾਰੀ ਦਿੱਤੀ ਗਈ ਇਸ ਮੌਕੇ ਡਿਪਟੀ ਕਮਿਸ਼ਨਰ ਘਨਸ਼ਿਆਮ ਥੋਰੀ ਨੇ ਸੰਸਦ ਮੈਂਬਰ ਸੰਤੋਖ ਸਿੰਘ ਚੌਧਰੀ ਨੂੰ ਯਕੀਨ ਦਿਵਾਉਂਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸਾਰੇ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਜਿਨ੍ਹਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਲੋਕ ਭਲਾਈ ਸਕੀਮਾਂ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਜਾਗਰੂਕਤਾ ਗਤੀਵਿਧੀਆਂ ਵਿੱਚ ਹੋਰ ਸਰਗਰਮੀ ਲਿਆਂਦੀ ਜਾਵੇਗੀ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਇਨ੍ਹਾਂ ਸਕੀਮਾਂ ਤੋਂ ਵਾਂਝਾ ਨਾ ਰਹੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ, ਐਸ.ਡੀ.ਐਮ. ਬਲਬੀਰ ਰਾਜ ਸਿੰਘ, ਏ.ਸੀ.ਏ. ਪੁੱਡਾ ਰਜਤ ਓਬਰਾਏ, ਸਿਵਲ ਸਰਜਨ ਡਾ. ਰਮਨ ਸ਼ਰਮਾ, ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਰਿੰਦਰ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਖ਼ਾਲਸਾ ਕਾਲਜ ਇੰਜਨੀਅਰਿੰਗ ਟੈਕਨਾਲੋਜੀ ਨੇ ਨੈਕ ਦੀ 'ਏ' ਗ੍ਰੇਡ ਨਾਲ ਮਾਨਤਾ ਹਾਸਲ ਕੀਤੀ






**ਅੰਮ੍ਰਿਤਸਰ/ਰਾਜਾ ਕੋਟਲੀ**

ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਨੇ ਨੈਸ਼ਨਲ ਅਸੈਸਮੈਂਟ ਐਂਡ ਐਕਰੀਡੇਸ਼ਨ ਕੌਂਸਲ (ਨੈਕ) ਵੱਲੋਂ ਗ੍ਰੇਡ 'ਏ' ਨਾਲ ਮਾਨਤਾ ਪ੍ਰਾਪਤ ਕੀਤੀ ਹੈ ਜ਼ਿਕਰਯੋਗ ਹੈ ਕਿ ਪਿਛਲੇ ਹਫ਼ਤੇ ਨੈਕ ਪੀਅਰ ਟੀਮ ਨੇ ਅਕਾਦਮਿਕ ਅਤੇ ਹੋਰ ਸਬੰਧਿਤ ਗਤੀਵਿਧੀਆਂ ਦੇ ਮੁਲਾਂਕਣ ਕਰਨ ਲਈ ਕਾਲਜ ਦਾ ਦੌਰਾ ਕੀਤਾ ਸੀ ਜਿਸ 'ਚੋਂ ਕਾਲਜ ਨੇ 'ਐਕਰੀਡੇਸ਼ਨ ਸਾਈਕਲ-1' ਦੀ ਪ੍ਰੀਕ੍ਰਿਆ 'ਚੋਂ ਗੁਜਰਦਿਆਂ ਉਕਤ ਗ੍ਰੇਡ ਹਾਸਲ ਕੀਤਾ

ਇਸ ਮੌਕੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਦੀ ਇਸ ਉਪਲਬੱਧੀ 'ਤੇ ਡਾਇਰੈਕਟਰ ਡਾ. ਮੰਜੂ ਬਾਲਾ ਅਤੇ ਉਨ੍ਹਾਂ ਦੇ ਸਟਾਫ਼ ਨੂੰ ਵਧਾਈ ਦਿੰਦਿਆਂ ਭਵਿੱਖ 'ਚ ਹੋਰ ਬੁਲੰਦੀਆਂ ਅਤੇ ਸਫਲਤਾ ਪ੍ਰਾਪਤ ਕਰਨ ਦੀ ਕਾਮਨਾ ਕੀਤੀ ਉਨ੍ਹਾਂ ਦੱਸਿਆ ਕਿ ਇਹ ਕਾਲਜ ਸਾਲ 2009 'ਚ ਗਵਰਨਿੰਗ ਕੌਂਸਲ ਦੀ ਸਰਪ੍ਰਸਤੀ ਹੇਠ ਸਥਾਪਿਤ ਕੀਤਾ ਗਿਆ ਸੀ।

ਇਸ ਮੌਕੇ ਡਾਇਰੈਕਟਰ ਡਾ. ਮੰਜੂ ਬਾਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਾਲਜ ਦੀ ਫੈਕਲਟੀ ਇਸ ਮਾਨਤਾ ਨੂੰ ਹਾਸਲ ਕਰਨ ਲਈ ਪਿਛਲੇ ਇਕ ਸਾਲ ਤੋਂ ਦਿਨ-ਰਾਤ ਮਿਹਨਤ ਕਰ ਰਹੀ ਸੀ ਅਤੇ ਆਖਰਕਾਰ ਨੈਕ ਦੇ 'ਸਾਈਕਲ-1' ਦੌਰਾਨ 'ਏ' ਗ੍ਰੇਡ ਪ੍ਰਾਪਤ ਕਰਨ 'ਚ ਸਫ਼ਲ ਹੋ ਗਈ ਉਨ੍ਹਾਂ ਕਿਹਾ ਕਿ ਉਪਰੋਕਤ ਗ੍ਰੇਡ ਕਾਲਜ ਦੇ ਵੱਖ ਵੱਖ ਪਹਿਲੂਆਂ ਜਿਵੇਂ ਕਿ ਪਾਠਕ੍ਰਮ, ਅਧਿਆਪਨ ਦੀ ਪ੍ਰਕਿਰਿਆ, ਰਿਸਰਚ ਐਂਡ ਇਨੋਵੇਸ਼ਨ, ਅਭਿਆਸ ਪ੍ਰੀਕ੍ਰਿਆ, ਪ੍ਰਸ਼ਾਸਨਿਕ ਅਤੇ ਪ੍ਰਬੰਧਨ ਗਤੀਵਿਧੀਆਂ 'ਤੇ ਅਧਾਰਿਤ ਸੀ ਉਨ੍ਹਾਂ ਨੇ ਆਪਣੇ ਫੈਕਲਟੀ ਅਤੇ ਸਟਾਫ਼ ਨੂੰ ਇਸ ਮਾਨਤਾ ਲਈ ਲਗਾਤਾਰ ਸਖ਼ਤ ਮਿਹਨਤ ਕਰਨ ਲਈ ਵਧਾਈ ਦਿੱਤੀ।

# ਬਟਾਲਾ ਸ਼ਹਿਰ ਦੇ ਅਧੂਰੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਅਧਾਰ 'ਤੇ ਮੁਕੰਮਲ ਕੀਤਾ ਜਾਵੇਗਾ : ਵਿਧਾਇਕ ਸ਼ੈਰੀ ਕਲਸੀ

**ਬਟਾਲਾ/ਸੁਖਨਾਮ ਸਿੰਘ**

ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਕਲਸੀ ਨੇ ਕਿਹਾ ਹੈ ਕਿ ਬਟਾਲਾ ਸ਼ਹਿਰ ਵਿੱਚ ਜਿਨ੍ਹੇ ਵੀ ਵਿਕਾਸ ਕਾਰਜ ਅਧੂਰੇ ਹਨ ਉਨ੍ਹਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕੀਤਾ ਜਾਵੇਗਾ ਤਾਂ ਜੋ ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਦੂਰ ਹੋ ਸਕਣ ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਵਿੱਚ ਸੀਵਰੇਜ ਦਾ ਪ੍ਰੋਜੈਕਟ ਮੁਕੰਮਲ ਹੋਣ ਦੇ ਨੇੜੇ ਹੈ ਅਤੇ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਤੋਂ ਬਾਅਦ ਸਾਰੀਆਂ ਗਲੀਆਂ ਅਤੇ ਸੜਕਾਂ ਨੂੰ ਬਣਾ ਦਿੱਤਾ ਜਾਵੇਗਾ ਉਨ੍ਹਾਂ ਕਿਹਾ ਕਿ ਜਲਦੀ ਹੀ ਨਗਰ ਨਿਗਮ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਲਈ ਹੋਰ ਟੈਂਡਰ ਲਗਾਏ ਜਾ ਰਹੇ ਹਨ।



ਵਿਧਾਇਕ ਅਮਨ ਸ਼ੇਰ ਸਿੰਘ ਕਲਸੀ ਨੇ ਅੱਗੇ ਕਿਹਾ ਕਿ ਸ਼ਹਿਰ ਦੇ ਸਰਬਪੱਖੀ ਵਿਕਾਸ ਦੇ ਨਾਲ ਇਸਦੀ ਸਫ਼ਾਈ ਵਿਵਸਥਾ ਨੂੰ ਵੀ ਦਰੁਸਤ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਸ਼ਹਿਰ ਵਿਚੋਂ ਡੰਪ ਖਤਮ ਕਰਨ ਅਤੇ ਕੂੜੇ ਦਾ ਵਿਗਿਆਨਿਕ ਢੰਗ ਨਾਲ ਨਿਪਟਾਰਾ ਕਰਨ ਲਈ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਪਿਟਸ ਬਣਾਈਆਂ ਜਾ ਰਹੀਆਂ ਹਨ ਉਨ੍ਹਾਂ ਦੱਸਿਆ ਕਿ ਇਨ੍ਹਾਂ ਪਿੱਟਸ ਵਿੱਚ ਗਿੱਲੇ ਕੂੜੇ ਤੋਂ ਖਾਦ ਤਿਆਰ ਕੀਤੀ ਜਾਵੇਗੀ ਜਦਕਿ ਸੁੱਕੇ ਕੂੜੇ ਨੂੰ ਵੱਖ ਕਰਕੇ ਰੀਸਾਈਕਲ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਨਗਰ ਨਿਗਮ ਬਟਾਲਾ ਵੱਲੋਂ ਇਸ ਪ੍ਰੋਜੈਕਟ ਉੱਪਰ ਬੜੀ ਸ਼ਿਦਤ ਨਾਲ ਕੰਮ ਕੀਤਾ ਜਾ ਰਿਹਾ ਹੈ ਬਸ ਲੋੜ ਹੈ ਸ਼ਹਿਰ ਵਾਸੀਆਂ ਨੂੰ ਇਸ ਵਿੱਚ ਸਹਿਯੋਗ ਕਰਨ ਦੀ ਵਿਧਾਇਕ ਸ਼ੈਰੀ ਕਲਸੀ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਵਿੱਚ ਗਿੱਲੇ ਤੇ ਸੁੱਕੇ ਕੂੜੇ ਨੂੰ ਵੱਖ-ਵੱਖ ਇਕੱਠਾ ਕਰਨ ਅਤੇ ਜਦੋਂ ਸਫ਼ਾਈ ਕਰਮਚਾਰੀ ਆਉਂਦੇ ਹਨ ਤਾਂ ਸੁੱਕਾ ਤੇ ਗਿੱਲਾ ਕੂੜਾ ਵੱਖ-ਵੱਖ ਹੀ ਦਿੱਤਾ ਜਾਵੇ ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਅਸੀਂ ਬੜੀ ਜਲਦੀ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਦਰੁਸਤ ਕਰ ਸਕਦੇ ਹਾਂ।